



ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ਨੀਵਾਰ, 28 ਦਸੰਬਰ 2024

Email:- lokbani08@gmail.com



TOURIST VISA USA CANADA
SCHENGEN/ UK AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗੇ
easyvisa
8283 000800



R. N. I. Punpun/29016/2008 ✶ ਸਾਲ 16 , ✶ ਅੰਕ : 141, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111



TOURIST VISA USA CANADA
SCHENGEN/ UK AUSTRALIA/ NZ
4651 VISA
1 ਜਨਵਰੀ 2024 ਤੋਂ 30 ਨਵੰਬਰ 2024 ਤੱਕ ਲੱਗ ਚੁੱਕੇ ਹਨ
easyvisa | 8283 000800


## ਫ਼ਲਸਤੀਨ ਦੇ ਪਤਰਕਾਰ ਦੀ ਗਾਜ਼ਾ ਹਮਲੇ ਵਿਚ ਹੋਈ ਮੌਤ

**ਦੀਰ ਅਲ-ਬਲਾਹ: ਲੋਕ ਬਾਣੀ** -ਗਾਜ਼ਾ ਪੱਟੀ 'ਚ ਇਜ਼ਰਾਈਲ ਵੱਲੋਂ ਇਕ ਹਸਪਤਾਲ ਦੇ ਬਾਹਰ ਕੀਤੇ ਹਮਲੇ 'ਚ ਪੰਜ ਫਲਸਤੀਨੀ ਪੱਤਰਕਾਰ ਮਾਰੇ ਗਏ। ਇਜ਼ਰਾਇਲੀ ਫੌਜ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਦਹਿਸ਼ਤਗਰਦਾਂ ਦੇ ਗੁੱਟ ਨੂੰ ਨਿਸ਼ਾਨਾ ਬਣਾਇਆ ਹੈ। ਇਜ਼ਰਾਈਲ ਨੇ ਨੁਸਰਤ ਸ਼ਰਨਾਰਥੀ ਕੈਂਪ ਨੇੜੇ ਅਲ–ਅਵਦਾ ਹਸਪਤਾਲ ਦੇ ਬਾਹਰ ਕਾਰ ਨੂੰ ਨਿਸ਼ਾਨਾ ਬਣਾ ਕੇ ਹਮਲਾ ਕੀਤਾ ਸੀ। ਮਾਰੇ ਪੱਤਰਕਾਰ ਸਥਾਨਕ ਕੁਦਸ ਨਿਊਜ਼ ਨੈੱਟਵਰਕ ਲਈ ਕੰਮ ਕਰਦੇ ਸਨ। ਨਿਊਜ਼ ਨੈੱਟਵਰਕ ਨੇ ਵੀ ਹਮਲੇ




ਦੀ ਪੁਸ਼ਟੀ ਕੀਤੀ ਹੈ। ਫੌਜ ਨੇ ਕਿਹਾ ਕਿ ਉਨ੍ਹਾਂ ਇਸਲਾਮਿਕ ਜਹਾਦ ਦੇ ਲੜਾਕਿਆਂ ਦੇ ਗੁੱਟ ਨੂੰ ਨਿਸ਼ਾਨਾ ਬਣਾਇਆ ਸੀ

## ਭੂਚਾਲ ਦੇ ਝਟਕਿਆਂ ਨਾਲ ਕੰਬਿਆ ਜੰਮੂ ਕਸ਼ਮੀਰ

**ਜੰਮੂ ਕਸ਼ਮੀਰ ਲੋਕ ਬਾਣੀ-** ਕਸ਼ਮੀਰ ਵਿੱਚ ਸ਼ੁੱਕਰਵਰ ਨੂੰ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਅਧਿਕਾਰੀਆਂ ਨੇ ਦੱਸਿਆ ਕਿ ਭੂਚਾਲ ਦੀ ਤੀਬਰਤਾ ਰਿਕਟਰ ਪੈਮਾਨੇ 'ਤੇ ਚਾਰ ਮਾਪੀ ਗਈ।

ਉਨ੍ਹਾਂ ਦੱਸਿਆ ਕਿ ਭੂਚਾਲ ਦੇ ਝਟਕੇ ਰਾਤ 9:06 ਮਿੰਟ 'ਤੇ ਉੱਤਰੀ ਕਸ਼ਮੀਰ ਦੇ ਬਾਰਾਮੂਲਾ ਜ਼ਿਲ੍ਹੇ ਵਿੱਚ ਮਹਿਸੂਸ ਕੀਤੇ ਗਏ। ਉਨ੍ਹਾਂ ਦੱਸਿਆ ਕਿ ਭੂਚਾਲ ਦਾ ਕੇਂਦਰ ਧਰਤੀ



ਥੱਲੇ 10 ਕਿਲੋਮੀਟਰ ਦੀ ਡੂੰਘਾਈ 'ਤੇ ਸੀ। ਅਧਿਕਾਰੀ ਨੇ ਦੱਸਿਆ ਕਿ ਭੂਚਾਲ ਕਾਰਨ ਕਿਸੇ ਤਰ੍ਹਾਂ ਦੇ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ।

## ਮਾਰੀਸ਼ਸ ਤੇ ਨੇਪਾਲ ਦੇ ਪ੍ਰਧਾਨ ਮੰਤਰੀਆਂ ਨੇ ਮਨਮੋਹਨ ਸਿੰਘ ਜੀ ਦੇ ਦਿਹਾਂਤ ਤੇ ਸ਼ੋਗ ਪ੍ਰਗਟ ਕੀਤਾ

**ਨਵੀਂ ਦਿੱਲੀ, ਲੋਕ ਬਾਣੀ-** ਸਾਬਕਾ ਭਾਰਤੀ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਵੀਰਵਾਰ ਨੂੰ ਦਿੱਲੀ ਵਿਚ ਹੋਏ ਦਿਹਾਂਤ ਤੋਂ ਬਾਅਦ ਦੁਨੀਆ ਭਰ ਤੋਂ ਸ਼ਰਧਾਂਜਲੀਆਂ ਦਾ ਸਿਲਸਿਲਾ ਜਾਰੀ ਹੈ । ਨਿਪਾਲ ਦੇ ਪ੍ਰਧਾਨ ਮੰਤਰੀ ਕੇ.ਪੀ. ਸ਼ਰਮਾ ਓਲੀ ਨੇ ਕਿਹਾ ਕਿ ਉਹ ਮਨਮੋਹਨ ਸਿੰਘ ਦੇ ਦਿਹਾਂਤ ਤੇ ਡੂੰਘਾ ਦੁਖੀ ਹਨ ਅਤੇ ਉਨ੍ਹਾਂ ਨੂੰ ਇਕ ਦੂਰਦਰਸ਼ੀ ਨੇਤਾ ਕਿਹਾ ਹੈ। ਉਨ੍ਹਾਂ ਕਿਹਾ ਕਿ ਨਿਪਾਲ ਲੋਕਤੰਤਰ ਅਤੇ ਸਥਾਈ ਦੋਸਤੀ ਲਈ ਉਨ੍ਹਾਂ ਦੇ ਸਮਰਥਨ ਨੂੰ ਹਮੇਸ਼ਾ ਯਾਦ ਰੱਖੇਗਾ। ਉਨ੍ਹਾਂ ਕਿਹਾ ਕਿ



ਡਾ. ਮਨਮੋਹਨ ਸਿੰਘ, ਇਕ ਦੂਰਅੰਦੇਸ਼ੀ ਨੇਤਾ, ਉਨ੍ਹਾਂ ਦੀ ਸਿਆਣਪ, ਨਿਮਰਤਾ ਅਤੇ ਸਮਰਪਣ ਨੇ ਭਾਰਤ ਨੂੰ ਆਕਾਰ ਦਿੱਤਾ

## ਬੇਅਦਬੀ ਘਟਨਾ ਦੀ ਸ਼੍ਰੀ ਅਕਾਲ ਤਖ਼ਤ ਦੇ ਜਥੇਦਾਰ ਨੇ ਕੀਤੀ ਨਿਖੇਦੀ


**ਅਮ੍ਰਿਤਸਰ, ਲੋਕ ਬਾਣੀ**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਅੱਜ ਅੰਮ੍ਰਿਤਸਰ ਦੇ ਪਿੰਡ ਮੁਰਾਦਪੁਰਾ, ਪੱਤੀ ਰਾਮਪੁਰਾ ਆਬਾਦੀ ਵਿਚ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਬੇਅਦਬੀ ਦੀ ਘਟਨਾ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ



ਤੋਂ ਜਾਰੀ ਬਿਆਨ ਵਿਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੀ ਬੇਅਦਬੀ ਦੀ ਘਟਨਾ ਸਿੱਖ ਹਿਰਦਿਆਂ ਨੂੰ ਵਲੂੰਧਰਨ ਵਾਲੀ ਹੈ।

## ਸੂਬੇ ਵਿੱਚ ਵਾਪਰੀਆਂ ਭਿਆਨਕ ਸੜਕ ਹਾਦਸਾ ਬੱਸ ਪਲਟੀ ਅੱਠ ਦੀ ਮੌਤ ਕਈ ਜ਼ਖ਼ਮੀ

**ਬਠਿੰਡਾ, ਲੋਕ ਬਾਣੀ-** ਸਰਦੂਲਗੜ੍ਹ ਤੋਂ ਬਠਿੰਡਾ ਜਾਣ ਵਾਲੀ ਨਿਊ ਗੁਰੂ ਕਾਸੀ ਪ੍ਰਾਈਵੇਟ ਕੰਪਨੀ ਦੀ ਸਵਾਰੀਆਂ ਨਾਲ ਭਰੀ ਇਕ ਬੱਸ ਅੱਜ ਬਾਅਦ ਦੁਪਹਿਰ 2.20 ਵਜੇ ਦੇ ਕਰੀਬ ਬਠਿੰਡਾ ਜ਼ਿਲ੍ਹੇ ਦੇ ਪਿੰਡ ਜੀਵਨ ਸਿੰਘ ਅਤੇ



ਕੋਟਸ਼ਮੀਰ ਵਿਚਾਲੇ ਗੰਦੇ ਨਾਲੇ (ਲਸਾੜਾ ਡਰੇਨ) ਵਿੱਚ ਡਿੱਗ ਗਈ। ਇਸ ਹਾਦਸੇ ਵਿੱਚ ਜ਼ਖ਼ਮੀ ਹੋਈਆਂ 46 ਸਵਾਰੀਆਂ 'ਚੋਂ ਅੱਠ ਦੀ ਮੌਤ ਹੋ ਗਈ ਜਦਕਿ 27 ਦੀ ਹਾਲਤ ਗੰਭੀਰ ਬਣੀ ਹੋਈ ਹੈ।

ਮਿਲੀ ਜਾਣਕਾਰੀ ਅਨੁਸਾਰ ਨਿੱਜੀ ਕੰਪਨੀ ਦੀ ਇਹ ਬੱਸ ਨਾਲੇ ਦੇ ਪੁਲ 'ਤੇ ਇਕ ਟਰੱਕ ਨੂੰ ਓਵਰਟੇਕ ਕਰਨ ਦੇ ਚੱਕਰ ਵਿੱਚ ਹਾਦਸੇ ਦਾ ਸ਼ਿਕਾਰ ਹੋ ਗਈ

## ਡਾਕਟਰਾਂ ਨੇ ਡੱਲੇਵਾਲ ਨੂੰ ਇਲਾਜ ਲਈ ਮਨਾਉਣ ਦੀ ਕੀਤੀ ਕੋਸ਼ਿਸ਼

**ਪਟਿਆਲਾ, ਲੋਕ ਬਾਣੀ**--ਕਿਸਾਨਾਂ ਦੀਆਂ ਮੰਗਾਂ ਮਨਵਾਉਣ ਲਈ ਢਾਬੀਗੁੱਜਰਾਂ 'ਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਅੱਜ ਡਾਕਟਰਾਂ ਨੂੰ ਸਪੱਸ਼ਟ ਤੌਰ 'ਤੇ ਆਖ ਦਿੱਤਾ ਹੈ ਕਿ ਉਹ ਆਪਣਾ ਇਲਾਜ ਨਹੀਂ ਕਰਾਉਣਗੇ। ਇਸ ਦੌਰਾਨ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਨੇ ਅੱਜ ਡੱਲੇਵਾਲ ਨੂੰ ਮਿਲ ਕੇ ਸਰਕਾਰ ਦੀ



ਹਮਾਇਤ ਦਾ ਭਰੋਸਾ ਦਿਵਾਇਆ। ਉਨ੍ਹਾਂ ਨਾਲ ਪ੍ਰਿੰਸੀਪਲ ਬੁੱਧ ਰਾਮ, ਮਨਜੀਤ ਬਿਲਾਸਪੁਰੀ ਅਤੇ ਕਰਮਜੀਤ ਅਨਮੋਲ ਆਦਿ ਵੀ ਮੌਜੂਦ ਸਨ।

## ਪੰਜਾਬ ਵਿੱਚ ਕਾਨੂੰਨ ਵਿਵਸਥਾ ਦਾ ਬੁਰਾ ਹਾਲ ਕਾਰੋਬਾਰੀ ਨੂੰ ਲੁਟੇਰਿਆਂ ਨੇ ਲੁੱਟਿਆ

**ਤਰਨਤਾਰਨ, ਲੋਕ ਬਾਣੀ** --ਥਾਣਾ ਸਦਰ ਤਰਨਤਾਰਨ ਅਧੀਨ ਆਉਂਦੇ ਪਿੰਡ ਮਾਨੋਚਾਹਲ ਕਲਾਂ ਵਿਖੇ ਬੀਤੀ ਰਾਤ ਇਕ ਡੇਅਰੀ ਕਾਰੋਬਾਰੀ ਸਮੇਤ 4 ਪਰਿਵਾਰਿਕ ਮੈਂਬਰਾਂ ਨੂੰ 8 ਅਣਪਛਾਤੇ ਹਥਿਆਰਬੰਦ ਲੁਟੇਰਿਆਂ ਵੱਲੋਂ ਬੰਧਕ ਬਣਾਉਂਦੇ ਹੋਏ ਘਰ ਵਿਚ ਡਾਕਾ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਦੇਰ ਰਾਤ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਬੜੇ ਆਰਾਮ ਨਾਲ ਲੁਟੇਰੇ ਡੇਢ ਲੱਖ ਰੁਪਏ ਦੀ ਨਕਦੀ, 4 ਵਿਦੇਸ਼ੀ



ਘੜੀਆਂ, 4 ਮੋਬਾਈਲ ਫੋਨ, ਕੀਮਤੀ ਕੱਪੜੇ, ਇਕ ਸਵਿਫਟ ਕਾਰ, 2.5 ਤੋਲੇ ਸੋਨੇ ਦੇ ਗਹਿਣੇ ਅਤੇ ਲਾਇਸੈਂਸੀ ਰਿਵਾਲਵਰ ਲੈ ਕੇ ਫਰਾਰ ਹੋ ਗਏ।

## ਹਿੰਦੂ ਸੰਗਠਨਾਂ ਨੇ ਗਊ ਮਾਸ ਨਾਲ ਭਰਿਆ ਟਰੱਕ ਕਾਬੂ ਕਰ ਪੁਲਿਸ ਹਵਾਲੇ ਕੀਤਾ

**ਜਲੰਧਰ, ਬਿੱਟੂ ਫੋਲੜੀਵਾਲ** --ਲੁਧਿਆਣਾ ਤੋਂ ਜੰਮੂ ਲਿਜਾਈ ਜਾ ਰਹੀ ਗਊ ਮਾਸ ਦੀ ਗੱਡੀ ਨੂੰ ਹਿੰਦੂ ਸੰਗਠਨ ਅਤੇ ਗਊ ਰੱਖਿਅਕ ਦਲ ਨੇ ਪਠਾਨਕੋਟ ਚੌਂਕ ਨੇੜੇ ਕਾਬੂ ਕਰ ਲਿਆ। ਹੈਰਾਨੀ ਦੀ ਗੱਲ ਹੈ ਕਿ ਥਾਣਾ ਨੰ. 8 ਦੇ ਏ. ਐੱਸ. ਆਈ. ਨੇ ਗੱਡੀ ਵਿਚ ਚਿਕਨ ਅਤੇ ਮੱਛੀ ਦੱਸਿਆ ਪਰ ਜਾਂਚ ਕਰਨ 'ਤੇ ਗਾਊ ਮਾਸ ਮਿਲਣ ਤੋਂ ਬਾਅਦ ਹਿੰਦੂ ਸੰਗਠਨਾਂ ਦਾ ਗੁੱਸਾ ਫੁੱਟ ਗਿਆ। ਹਾਲਾਤ ਇਹ ਬਣੇ ਕਿ ਐੱਸ. ਐੱਚ. ਓ. ਥਾਣਾ ਨੰ. 8 ਨੇ ਮੌਕਾ ਸੰਭਾਲਦੇ ਹੋਏ ਗੱਡੀ ਨੂੰ ਖ਼ੁਦ



ਡਰਾਈਵ ਕੀਤਾ ਅਤੇ ਥਾਣੇ ਲੈ ਗਏ। ਮਾਹੌਲ ਗਰਮ ਹੁੰਦੇ ਦੇਖ ਪੁਲਿਸ ਵੀ ਘਬਰਾ ਗਈ





ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਪੰਜਾਬ ਸਰਕਾਰ ਵੱਲੋਂ ਹਰਜੋਤ ਸਿੰਘ ਬੈਂਸ ਅਤੇ ਕੇ.ਏ.ਪੀ.ਸਿਨਹਾ ਵਲੋਂ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਭੇਟ

ਨਵੀਂ ਦਿੱਲੀ, (ਲੋਕ ਬਾਣੀ)- ਪੰਜਾਬ ਸਰਕਾਰ ਵਲੋਂ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਮੁੱਖ ਸਕੱਤਰ ਕੇ.ਏ.ਪੀ.ਸਿਨਹਾ ਵਲੋਂ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੀ ਦੇਹ ਉਤੇ ਫੁਲ ਮਾਲਾਵਾ ਭੇਂਟ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਉਨ੍ਹਾਂ ਡਾ.ਮਨਮੋਹਨ ਸਿੰਘ ਦੇ ਪਰਿਵਾਰਕ ਮੈਂਬਰਾਂ ਨਾਲ ਵੀ ਦੁੱਖ ਸਾਂਝਾ ਕੀਤਾ।

ਬੈਂਸ ਨੇ ਕਿਹਾ ਕਿ ਸ.ਮਨਮੋਹਨ ਸਿੰਘ ਨੇ ਦੇਸ਼ ਦੀ ਆਰਥਿਕ ਸਥਿਤੀ ਨੂੰ ਮੁਸ਼ਕਲ ਹਾਲਾਤ ਵਿਚੋਂ ਕੱਢ ਕੇ ਵਿਕਾਸ ਦੇ ਰਾਹ ਪਾਇਆ ਸੀ। ਉਨ੍ਹਾਂ ਨੇ ਦੇਸ਼ ਵਿਚ ਵਿੱਤੀ ਸੁਧਾਰਾਂ ਅਤੇ ਆਰਥਿਕ ਪ੍ਰਗਤੀ ਦਾ ਨਵਾਂ ਇਤਿਹਾਸ ਲਿਖਿਆ, ਜਿਸ ਸਦਕੇ ਦੇਸ਼ ਦੀ ਅਰਥਵਿਵਸਥਾ ਪ੍ਰਗਤੀ ਦੇ ਰਾਹ ਪਈ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੇਰੇ ਲਈ ਇਹ ਬਹੁਤ ਹੀ ਭਾਵੁਕ ਪਲ ਹਨ। ਉਨ੍ਹਾਂ ਕਿਹਾ ਕਿ ਡਾ. ਮਨਮੋਹਨ ਸਿੰਘ ਸਿਰਫ ਇੱਕ ਸ਼ਖ਼ਸੀਅਤ ਨਹੀਂ ਸਨ, ਸਗੋਂ ਆਪਣੇ ਆਪ ਵਿੱਚ ਇੱਕ ਸੰਸਥਾ ਸਨ॥ ਉਨ੍ਹਾਂ ਦੀ ਨਿਮਰਤਾ, ਇਮਾਨਦਾਰੀ, ਸਾਦਗੀ ਅਤੇ ਵਿਦਵਤਾ ਸਾਡੇ ਲਈ ਸਦੀਵੀ ਪ੍ਰੇਰਨਾ ਦਾ ਸਰੋਤ ਰਹੇਗੀ।



ਉਨ੍ਹਾਂ ਕਿਹਾ ਕਿ ਡਾਕਟਰ ਮਨਮੋਹਨ ਸਿੰਘ ਵਲੋਂ ਦੇਸ਼ ਦੇ ਵਿਕਾਸ ਵਿੱਚ ਪਾਏ ਯੋਗਦਾਨ ਨੂੰ ਆਉਣ ਵਾਲੀਆਂ ਪੀੜ੍ਹੀਆਂ ਯਾਦ ਰੱਖਣਗੀਆਂ।ਬੈਂਸ ਨੇ ਪਰਮਾਤਮਾ ਦੇ ਚਰਨਾਂ ਵਿਚ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਿੱਛੇ ਪਰਿਵਾਰ ਅਤੇ ਮਿੱਤਰਾਂ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ।

# ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦਾ 92 ਸਾਲ ਦੀ ਉਮਰ ਚ ਦਿਹਾਂਤ, ਦਿੱਲੀ ਏਮਜ਼ ਚ ਲਏ ਆਖਰੀ ਸਾਹ



ਨਵੀਂ ਦਿੱਲੀ-(ਲੋਕ ਬਾਣੀ)- ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦਾ 92 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ ਹੈ। ਵੀਰਵਾਰ ਰਾਤ ਅਚਾਨਕ ਉਨ੍ਹਾਂ ਦੀ ਸਿਹਤ ਵਿਗੜ ਗਈ। ਉਨ੍ਹਾਂ ਨੂੰ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ (ਏਮਜ਼), ਦਿੱਲੀ ਦੇ ਐਮਰਜੈਂਸੀ ਵਾਰਡ ਵਿੱਚ ਦਾਖਲ ਕਰਵਾਇਆ ਗਿਆ , ਜਿਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਕਰ ਦਿੱਤਾ।

ਜਾਣਕਾਰੀ ਮੁਤਾਬਕ ਮਨਮੋਹਨ ਸਿੰਘ ਦੀ ਸਾਲ 2006 ਚ ਦੂਜੀ ਵਾਰ ਬਾਈਪਾਸ ਸਰਜਰੀ ਹੋਈ ਸੀ, ਜਿਸ ਤੋਂ ਬਾਅਦ ਉਹ ਕਾਫੀ ਬੀਮਾਰ ਸਨ। ਵੀਰਵਾਰ ਨੂੰ ਉਨ੍ਹਾਂ ਨੂੰ ਸਾਹ ਲੈਣ ਚ ਤਕਲੀਫ ਅਤੇ ਬੇਚੈਨੀ ਤੋਂ ਬਾਅਦ ਏਮਜ਼ ਚ ਭਰਤੀ ਕਰਵਾਇਆ ਗਿਆ ਸੀ। ਉਨ੍ਹਾਂ ਦਾ ਜਨਮ 26 ਸਤੰਬਰ 1932 ਨੂੰ ਗਾਹ, ਪੱਛਮੀ ਪੰਜਾਬ (ਹੁਣ ਪਾਕਿਸਤਾਨ) ਵਿੱਚ ਹੋਇਆ ਸੀ। ਕਰਨਾਟਕ ਦੇ ਬੇਲਾਗਾਵੀ ਵਿੱਚ ਹੋਣ ਵਾਲੀ ਕਾਂਗਰਸ ਵਰਕਿੰਗ ਕਮੇਟੀ (3⇨3) ਦੀ ਮੀਟਿੰਗ ਰੱਦ ਕਰ ਦਿੱਤੀ ਗਈ ਹੈ। ਇਸ ਤੋਂ ਇਲਾਵਾ 27 ਦਸੰਬਰ ਨੂੰ ਹੋਣ ਵਾਲੇ ਸਾਰੇ ਪ੍ਰੋਗਰਾਮ ਵੀ ਰੱਦ ਕਰ ਦਿੱਤੇ ਗਏ ਹਨ। ਰਾਹੁਲ ਗਾਂਧੀ ਅਤੇ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਬੇਲਾਗਾਵੀ ਤੋਂ ਦਿੱਲੀ ਲਈ ਰਵਾਨਾ ਹੋ ਗਏ ਹਨ। ਏਮਜ਼ ਹਸਪਤਾਲ ਦਦੇ ਬਾਹਰ ਸੁਰੱਖਿਆ ਵਧਾ ਦਿੱਤੀ ਗਈ ਹੈ। ਪ੍ਰਿਅੰਕਾ ਗਾਂਧੀ ਏਮਜ਼ ਪਹੁੰਚ ਚੁੱਕੀ ਹੈ। ਕੁਝ ਸਮੇਂ ਬਾਅਦ ਸੋਨੀਆ ਗਾਂਧੀ ਵੀ ਹਸਪਤਾਲ ਪਹੁੰਚ ਰਹੀ ਹੈ।

# ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨਾਲ ਕੀਤੀ ਮੁਲਾਕਾਤ, ਕਿਸਾਨਾਂ ਦੇ ਹਿੱਤਾਂ ਪ੍ਰਤੀ ਵਚਨਬੱਧਤਾ ਦੀ ਕੀਤੀ ਸ਼ਲਾਘਾ

ਚੰਡੀਗੜ੍ਹ, (ਲੋਕ ਬਾਣੀ)- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਖਨੌਰੀ ਬਾਰਡਰ ਦਾ ਦੌਰਾ ਕਰਕੇ ਕਿਸਾਨਾਂ ਨੂੰ ਇਨਸਾਫ਼ ਦਿਵਾਉਣ ਦੀ ਮੰਗ ਨੂੰ ਲੈ ਕੇ ਕੇਂਦਰ ਸਰਕਾਰ ਖ਼ਿਲਾਫ਼ ਭੁੱਖ ਹੜਤਾਲ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨਾਲ ਮੁਲਾਕਾਤ ਕੀਤੀ।

ਮੰਤਰੀ ਚੀਮਾ ਨੇ ਡੱਲੇਵਾਲ ਦੀ ਕਿਸਾਨਾਂ ਦੇ ਹਿੱਤਾਂ ਪ੍ਰਤੀ ਅਟੁੱਟ ਵਚਨਬੱਧਤਾ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਚੱਲ ਰਹੇ ਸੰਘਰਸ਼ ਨਾਲ ਪੂਰੀ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ। ਚੀਮਾ ਦੇ ਨਾਲ ਵਿਧਾਇਕ ਪ੍ਰਿੰਸੀਪਲ ਬੁੱਧਰਾਮ, ਮਨਜੀਤ ਸਿੰਘ ਬਿਲਾਸਪੁਰੀ, ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ ਅਤੇ ਕਰਮਜੀਤ ਅਨਮੋਲ ਹਾਜ਼ਰ ਸਨ।

ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਇਸ ਦੇਸ਼ ਦੇ ਕਿਸਾਨਾਂ ਦੇ ਹੱਕਾਂ ਲਈ ਦ੍ਰਿੜ ਇਰਾਦੇ ਨਾਲ ਲੜ ਰਹੇ ਹਨ। ਅਸੀਂ 21ਵੀਂ ਸਦੀ ਵਿੱਚ ਭਾਰਤੀ ਕਿਸਾਨਾਂ ਦੇ ਭਵਿੱਖ ਦੀ ਰਾਖੀ ਲਈ ਇਸ ਅਹਿਮ ਲੜਾਈ ਦੀ ਅਗਵਾਈ ਕਰਨ ਲਈ ਉਨ੍ਹਾਂ ਦੇ ਤਹਿ ਦਿਲੋਂ ਧੰਨਵਾਦੀ ਹਾਂ।



ਵਿਵਾਦਗ੍ਰਸਤ ਖੇਤੀ ਕਾਨੂੰਨਾਂ ਨੂੰ ਰੱਦ ਕਰਨ ਵਾਲੀ ਇਤਿਹਾਸਕ ਕਿਸਾਨ ਲਹਿਰ ਨੂੰ ਯਾਦ ਕਰਦਿਆਂ ਚੀਮਾ ਨੇ ਇਸੇ ਤਰ੍ਹਾਂ ਦੇ ਨਤੀਜੇ ਦੀ ਆਸ ਪ੍ਰਗਟਾਈ। ਉਨ੍ਹਾਂ ਕਿਹਾ, ਜਦੋਂ ਕਿਸਾਨ ਆਪਣੇ ਪਹਿਲੇ ਸੰਘਰਸ਼ ਵਿੱਚ ਇੱਕਜੁੱਟ ਹੋਏ ਤਾਂ ਮੋਦੀ ਸਰਕਾਰ ਨੂੰ ਝੁਕਣਾ ਪਿਆ ਅਤੇ ਕਾਲੇ ਖੇਤੀ ਕਾਨੂੰਨਾਂ ਨੂੰ ਰੱਦ ਕਰਨਾ ਪਿਆ। ਮੇਰਾ ਪੂਰਾ ਵਿਸ਼ਵਾਸ ਹੈ ਕਿ ਕੇਂਦਰ ਸਰਕਾਰ ਨੂੰ ਅਜਿਹੇ ਮੁੱਦਿਆਂ ਦੇ ਹੱਲ ਲਈ ਇੱਕ ਵਾਰ ਫਿਰ ਝੁਕਣਾ ਪਵੇਗਾ ਅਤੇ ਸਾਰਥਕ ਗੱਲਬਾਤ ਕਰਨੀ ਪਵੇਗੀ। ਅਜਿਹੇ ਮਸਲੇ ਹਮੇਸ਼ਾ ਗੱਲਬਾਤ ਰਾਹੀਂ ਹੱਲ ਹੁੰਦੇ ਹਨ, ਜ਼ਿੱਦ ਨਾਲ ਨਹੀਂ।

ਵਿੱਤ ਮੰਤਰੀ ਨੇ ਕੇਂਦਰ ਸਰਕਾਰ ਦੇ ਅੜੀਅਲ ਰੁਖ਼ ਦੀ ਸਖ਼ਤ ਆਲੋਚਨਾ ਕਰਦਿਆਂ ਉਸ ਨੂੰ ਆਪਣੀ ਜ਼ਿੱਦ ਛੱਡ ਕੇ ਤੁਰੰਤ ਕਿਸਾਨ ਆਗੂਆਂ ਨਾਲ ਗੱਲਬਾਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਡੱਲੇਵਾਲ ਦੀ ਡਾਕਟਰੀ ਦੇਖਭਾਲ ਸਬੰਧੀ ਪੰਜਾਬ ਸਰਕਾਰ ਨੂੰ ਸੁਪਰੀਮ ਕੋਰਟ ਵੱਲੋਂ ਹਾਲ ਹੀ ਵਿੱਚ ਦਿੱਤੇ ਨਿਰਦੇਸ਼ਾਂ ਦਾ ਵੀ ਹਵਾਲਾ ਦਿੱਤਾ। ਚੀਮਾ ਨੇ ਕਿਹਾ, ਅਸੀਂ ਨਿਆਂਪਾਲਿਕਾ ਦੀ ਚਿੰਤਾ ਦਾ ਸਤਿਕਾਰ ਕਰਦੇ ਹਾਂ, ਪਰ ਮੇਰਾ ਮੰਨਣਾ ਹੈ ਕਿ ਸੁਪਰੀਮ ਕੋਰਟ ਨੂੰ ਕੇਂਦਰ ਸਰਕਾਰ ਨੂੰ ਤੁਰੰਤ ਕਿਸਾਨਾਂ ਨਾਲ ਗੱਲਬਾਤ ਸ਼ੁਰੂ ਕਰਨ ਦਾ ਨਿਰਦੇਸ਼ ਦੇਣਾ ਚਾਹੀਦਾ ਹੈ। ਅਜਿਹੀ ਕਾਰਵਾਈ ਨਾਲ 24 ਘੰਟਿਆਂ ਦੇ ਅੰਦਰ ਸਮੱਸਿਆ ਦਾ ਹੱਲ ਹੋ ਜਾਵੇਗਾ।

ਮੰਤਰੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪਹਿਲਕਦਮੀ ਕਰਨ ਅਤੇ ਡੈੱਡਲਾਕ ਨੂੰ ਤੋੜਨ ਲਈ ਕਿਹਾ। ਉਨ੍ਹਾਂ ਕਿਹਾ, ਪ੍ਰਧਾਨ ਮੰਤਰੀ ਨੂੰ ਕਿਸਾਨਾਂ ਦੇ ਪੱਤਰ ਦਾ ਜਵਾਬ ਦੇਣਾ ਚਾਹੀਦਾ ਹੈ ਅਤੇ ਉਸਾਰੂ ਗੱਲਬਾਤ ਕਰਨੀ ਚਾਹੀਦੀ ਹੈ। ਸੁਪਰੀਮ ਕੋਰਟ ਵਲੋਂ ਕੇਂਦਰ ਸਰਕਾਰ ਨੂੰ ਨਿਰਦੇਸ਼ ਜਾਰੀ ਕਰਨੇ ਚਾਹੀਦੇ ਹਨ ਅਤੇ ਮੈਨੂੰ ਭਰੋਸਾ ਹੈ ਕਿ ਇਸ ਨਾਲ ਉਹ ਕਿਸਾਨਾਂ ਦੀਆਂ ਮੰਗਾਂ ਮੰਨਣ ਲਈ ਮਜਬੂਰ ਹੋਣਗੇ।

ਕਿਸਾਨ ਭਾਈਚਾਰੇ ਪ੍ਰਤੀ ਪੰਜਾਬ ਸਰਕਾਰ ਦੀ ਅਟੁੱਟ ਹਮਾਇਤ ਨੂੰ ਦੁਹਰਾਉਂਦਿਆਂ ਮੰਤਰੀ ਚੀਮਾ ਨੇ ਕਿਹਾ ਕਿ ਆਪ ਪਹਿਲੇ ਦਿਨ ਤੋਂ ਹੀ ਕਿਸਾਨਾਂ ਦੇ ਸੰਘਰਸ਼ ਦੇ ਨਾਲ ਖੜ੍ਹੀ ਹੈ ਅਤੇ ਅਸੀਂ ਇਸ ਨੂੰ ਜਾਰੀ ਰੱਖਾਂਗੇ। ਜਗਜੀਤ ਸਿੰਘ ਡੱਲੇਵਾਲ ਦੀ ਆਵਾਜ਼ ਨੂੰ ਜ਼ੋਰਦਾਰ ਢੰਗ ਨਾਲ ਪੇਸ਼ ਕੀਤਾ ਜਾਵੇਗਾ ਅਤੇ ਉਨ੍ਹਾਂ ਦੀ ਲੜਾਈ ਨੂੰ ਹੋਰ ਮਜਬੂਤੀ ਮਿਲੇਗੀ। ਸਾਡੇ ਸਪੀਕਰ ਅਤੇ ਕਈ ਕੈਬਨਿਟ ਮੰਤਰੀਆਂ ਦੇ ਨਾਲ-ਨਾਲ ਵਿਧਾਇਕਾਂ ਨੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਸਮਰਥਨ ਦੇਣ ਲਈ ਮੁਲਾਕਾਤ ਕੀਤੀ ਹੈ।

# ਲੁਧਿਆਣਾ ਪੁਲਿਸ ਦੀ ਵੱਡੀ ਕਾਰਵਾਈ : ਤਸਕਰ ਦੇ ਕਬਜ਼ੇ ਚੋਂ 5 ਕਿਲੋ 10 ਗ੍ਰਾਮ ਹੈਰੋਇਨ ਬਰਾਮਦ, ਗੁਪਤ ਸੂਚਨਾ ਦੇ ਅਧਾਰ ਤੇ ਹੋਈ ਕਾਰਵਾਈ




(ਲੋਕ ਬਾਣੀ)- ਕ੍ਰਾਈਮ ਬਰਾਂਚ 1 ਦੀ ਟੀਮ ਨੇ ਤਸਕਰ ਨੂੰ ਗ੍ਰਿਫਤਾਰ ਕਰਕੇ ਉਸ ਦੇ ਕਬਜ਼ੇ ਚੋਂ 5 ਕਿਲੋ 10 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਸ ਮਾਮਲੇ ਵਿੱਚ ਪੁਲਿਸ ਨੇ ਅਸ਼ੋਕ ਨਗਰ ਖਜੂਰ ਚੌਂਕ ਸਲੇਮ ਟਾਬਰੀ ਦੇ ਵਾਸੀ ਕੰਵਰਪਾਲ ਸਿੰਘ ਦੇ ਖਿਲਾਫ ਐਨਡੀਪੀਐਸ ਐਕਟ ਦੀਆਂ ਧਾਰਾਵਾਂ ਤਹਿਤ ਮੁਕਦਮਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਦਿੰਦਿਆਂ ਇੰਸਪੈਕਟਰ ਸੋਹਨ ਲਾਲ ਨੇ ਦੱਸਿਆ ਕਿ ਪੁਲਿਸ ਪਾਰਟੀ ਗਸ਼ਤ ਦੇ ਸੰਬੰਧ ਵਿੱਚ ਜਲੰਧਰ ਬਾਈਪਾਸ ਚੌਂਕ ਮੌਜੂਦ ਸੀ। ਇਸੇ ਦੌਰਾਨ ਮੁਖਬਰ ਖਾਸ ਕੋਲੋਂ ਇਤਲਾਹ ਮਿਲੀ ਕਿ ਮੁਲਜ਼ਮ ਕੰਵਰਪਾਲ ਸਿੰਘ ਹੈਰੋਈਨ ਵੇਚਣ ਲਈ ਖਜੂਰ ਚੌਂਕ ਵਿੱਚ ਖੜ ਕੇ ਆਪਣੇ ਗ੍ਰਾਹਕਾਂ ਦਾ ਇੰਤਜ਼ਾਰ ਕਰ ਰਿਹਾ। ਜਾਣਕਾਰੀ ਤੋਂ ਬਾਅਦ ਕ੍ਰਾਈਮ ਬਰਾਂਚ ਦੀ ਟੀਮ ਨੇ ਦਬਿਸ਼ ਦੇ ਕੇ ਮੁਲਜਮ ਨੂੰ ਹਿਰਾਸਤ ਵਿੱਚ ਲਿਆ ਅਤੇ ਉਸ ਦੇ ਕਬਜ਼ੇ ਚੋਂ 5 ਕਿਲੋ 10 ਗ੍ਰਾਮ ਹੈਰੋਇਨ ,10,400ਰੁਪਏ ਦੀ ਭਾਰਤੀ ਕਰੰਸੀ ਅਤੇ ਇੱਕ ਮੋਬਾਈਲ ਫੋਨ ਬਰਾਮਦ ਕੀਤਾ। ਪੁਲਿਸ ਨੇ ਮੁਲਜ਼ਮ ਦੇ ਖ਼ਿਲਾਫ਼ ਮੁਕੱਦਮਾ ਦਰਜ ਕਰ ਕੇ ਪੜਤਾਲ ਸ਼ੁਰੂ ਕਰ ਦਿੱਤੀ ਹੈ।

# ਪਿੰਡ ਵੈਰੋਕੇ ਵਿਖੇ ਬੀਤੀ ਰਾਤ ਭਰਾ ਨੇ ਭੈਣ ਦੇ ਸਿਰ ਤੇ ਘੋਟਣਾ ਮਾਰ ਕੇ ਕੀਤਾ ਕਤਲ , ਪੁਲੀਸ ਨੇ ਕੀਤਾ ਕਾਬੂ





(ਲੋਕ ਬਾਣੀ)- ਮੋਗਾ ਜ਼ਿਲ੍ਹੇ ਦੇ ਹਲਕਾ ਬਾਘਾਪੁਰਾਣਾ ਵਿੱਚ ਪੈਂਦੇ ਥਾਣਾ ਸਮਾਲਸਰ ਅਧੀਨ ਆਉਂਦੇ ਪਿੰਡ ਵੈਰੋਕੇ ਵਿਖੇ ਬੀਤੀ ਰਾਤ ਭਰਾ ਨੇ ਭੈਣ ਦਾ ਸਿਰ ਵਿੱਚ ਘੋਟਣਾ ਮਾਰ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਡੀਐਸਪੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਣੀ ਕੌਰ ਪਤਨੀ ਸਵ: ਨਛੱਤਰ ਸਿੰਘ ਵਾਸੀ ਵੈਰੋਕੇ ਵਿਖੇ ਜੋ ਕਿ ਮੰਮਪਾਲ ਸਿੰਘ ਅਤੇ ਉਸ ਦੀ ਭੈਣ ਵੀਰਜੋਤ ਕੌਰ ਆਪਣੇ ਨਾਨਾ-ਨਾਨੀ ਦੇ ਘਰ ਹੈ ਉਥੇ ਰਹਿੰਦੇ ਸੀ । ਮੰਮਪਾਲ ਸਿੰਘ ਆਪਣੀ ਭੈਣ ਵੀਰਜੋਤ ਕੌਰ ਦੇ ਕਿਸੇ ਨਾਲ ਨਜਾਇਜ ਸਬੰਧ ਹੋਣ ਦਾ ਸ਼ੱਕ ਕਰਦਾ ਸੀ। ਮਿਤੀ 26.12.2024 ਦੀ ਸਵੇਰ ਨੂੰ ਵੀਰਜੋਤ ਕੌਰ ਬਿਨ੍ਹਾ ਕਿਸੇ ਨੂੰ ਦੱਸੇ ਘਰੋਂ ਚਲੀ ਗਈ ਸੀ ਅਤੇ ਰਾਤ ਸਮੇਂ ਵਾਪਸ ਘਰ ਆਈ ਸੀ ਜਿਸ ਕਰਕੇ ਮੰਮਪਾਲ ਸਿੰਘ ਅਤੇ ਵੀਰਜੋਤ ਕੌਰ ਵਿਚਕਾਰ ਤਕਰਾਰਬਾਜੀ ਹੋ ਗਈ, ਮੌਕਾ ਪਰ ਇੰਨ੍ਹਾ ਦੀ ਨਾਨੀ ਰਾਣੀ ਕੌਰ ਨੇ ਦੋਵਾਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ ਪ੍ਰੰਤੂ ਮੰਮਪਾਲ ਸਿੰਘ ਨੇ ਤਹਿਸ਼ ਵਿੱਚ ਆ ਕੇ ਆਪਣੀ ਭੈਣ ਵੀਰਜੋਤ ਕੌਰ ਦਾ ਘੋਟਣਾ ਮਾਰ ਕੇ ਉਸ ਦਾ ਕਤਲ ਕਰ ਦਿੱਤਾ ਅਤੇ ਆਪਣੀ ਨਾਨੀ ਨੂੰ ਡਰਾ ਧਮਕਾ ਕੇ ਚੁੱਪ ਕਰਵਾ ਦਿੱਤਾ। ਇਸ ਤੋਂ ਬਾਅਦ ਮੰਮਪਾਲ ਸਿੰਘ ਨੇ ਵੀਰਜੋਤ ਕੌਰ ਦੇ ਸਿਰ ਵਿੱਚੋਂ ਜੋ ਖੂਨ ਨਿਕਲਿਆ ਸੀ ਉਸ ਖੂਨ ਨੂੰ ਬੈਂਡ ਦੀ ਚਾਦਰ ਨਾਲ ਸਾਫ ਕਰਕੇ ਉਸ ਦੇ ਸਿਰ ਪਰ ਰੁਮਾਲ ਬੰਨ ਕੇ ਵੀਰਜੋਤ ਕੌਰ ਨੂੰ ਦੂਸਰੇ ਕਮਰੇ ਵਿੱਚ ਮੰਜੇ ਪਰ ਲਿਟਾ ਦਿੱਤਾ । ਰਾਣੀ ਕੌਰ ਵੱਲੋਂ ਥਾਣਾ ਸਮਾਲਸਰ ਵਿਖੇ ਘਟਨਾ ਦੀ ਇਤਲਾਹ ਦੇਣ ਤੇ ਐਸ.ਆਈ. ਜਨਕ ਰਾਜ ਮੁੱਖ ਅਫਸਰ ਥਾਣਾ ਸਮਾਲਸਰ ਵੱਲੋਂ ਸਮੇਤ ਪੁਲਿਸ ਪਾਰਟੀ ਮੌਕਾ ਪਰ ਜਾ ਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ ਅਤੇ ਪਿੰਡ ਦੀ ਸਰਚ ਕਰਨ ਤੇ ਦੋਸ਼ੀ ਨੂੰ ਬੱਸ ਸਟੈਂਡ ਦੇ ਨਜਦੀਕ ਤੋਂ ਗ੍ਰਿਫਤਾਰ ਕੀਤਾ। ਪੁਲਿਸ ਨੇ ਲੱਕੜ ਦਾ ਘੋਟਣਾ, ਖੂਨ ਨਾਲ ਲੱਥਪੱਥ ਕੱਪੜੇ ਵੀ ਬਰਾਮਦ ਕਰ ਲਏ ਹਨ।

# ਅਲਮੋੜਾ ਤੋਂ ਹਲਦਵਾਨੀ ਜਾ ਰਹੀ ਬੱਸ ਖਾਈ ਚ ਡਿੱਗੀ; 25 ਸਵਾਰਿਆਂ ਸੀ ਸਵਾਰ , ਤਿੰਨ ਦੀ ਮੌਤ




ਉੱਤਰਾਖੰਡ (ਲੋਕ ਬਾਣੀ)- ਕੁਮਾਉਂ ਡਿਵੀਜ਼ਨ ਦੇ ਭੀਮਤਾਲ ਵਿੱਚ ਅੱਜ ਇੱਕ ਵੱਡਾ ਹਾਦਸਾ ਵਾਪਰ ਗਿਆ। ਅਲਮੋੜਾ ਤੋਂ ਹਲਦਵਾਨੀ ਆ ਰਹੀ ਰੋਡਵੇਜ਼ ਦੀ ਬੱਸ ਭੀਮਤਾਲ-ਰਾਣੀਬਾਗ ਮੋਟਰ ਰੋਡ ਤੇ ਅਮਲਾਲੀ ਨੇੜੇ 1500 ਫੁੱਟ ਡੂੰਘੀ ਖਾਈ ਚ ਡਿੱਗ ਗਈ। ਬੱਸ ਖੱਡ ਚ ਡਿੱਗਣ ਕਾਰਨ ਬੱਸ ਚ ਸਵਾਰ 27 ਲੋਕ ਇਧਰ-ਉਧਰ ਖਿੱਲਰ ਗਏ। ਹਾਦਸੇ ਚ ਤਿੰਨ ਲੋਕਾਂ ਦੀ ਮੌਤ ਦੀ ਪੁਸ਼ਟੀ ਹੋਈ ਹੈ। ਜਦਕਿ ਕੁਝ ਗੰਭੀਰ ਜ਼ਖਮੀ ਹਨ।

ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਪ੍ਰਸ਼ਾਸਨ ਮੌਕੇ ਤੇ ਪਹੁੰਚ ਗਿਆ। ਜ਼ਖਮੀਆਂ ਨੂੰ ਪੁਲਿਸ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਰੱਸੀਆਂ ਅਤੇ ਮੋਢਿਆਂ ਤੇ ਚੁੱਕ ਕੇ ਸੜਕ ਤੇ ਲਿਆਂਦਾ ਗਿਆ। ਸੜਕ ਰਾਹੀਂ ਸੀ.ਐਚ.ਸੀ ਭੀਮਤਾਲ ਲਿਜਾਇਆ ਗਿਆ ਹੈ। ਬਚਾਅ ਕਾਰਜ ਜਾਰੀ ਹੈ।

ਪ੍ਰਸ਼ਾਸਨਿਕ ਅਮਲੇ ਨੂੰ ਚੌਕਸ ਕਰ ਦਿੱਤਾ ਗਿਆ ਹੈ। ਸੁਸ਼ੀਲ ਤਿਵਾਰੀ ਨੂੰ ਅਲਰਟ ਤੇ ਰੱਖਿਆ ਗਿਆ ਹੈ। 15 ਐਂਬੂਲੈਂਸਾਂ ਨੂੰ ਹਲਦਵਾਨੀ ਭੇਜਿਆ ਗਿਆ ਹੈ। ਬਚਾਅ ਟੀਮਾਂ ਵੱਡੇ ਪੱਧਰ ਤੇ ਕੰਮ ਕਰ ਰਹੀਆਂ ਹਨ। ਚੱਕਾ ਜਾਮ ਹੋਣ ਕਾਰਨ ਮਰੀਜ਼ਾਂ ਨੂੰ ਲਿਆਉਣ ਵਿੱਚ ਦਿੱਕਤ ਆ ਰਹੀ ਹੈ।

# ਲੰਗਰ ਵਿੱਚ ਸਜਾਵਟ ਕਰਦੇ ਨੌਜਵਾਨ ਨੂੰ ਕਰੰਟ ਲੱਗਣ ਨਾਲ ਹੋਈ ਮੌਤ



(ਲੋਕ ਬਾਣੀ)- ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਫਤਿਹਗੜ੍ਹ ਸਾਹਿਬ ਜੋੜ ਮੇਲੇ ਲਈ ਸੰਗਤ ਜਾ ਰਹੀ ਹੈ। ਉਨ੍ਹਾਂ ਲਈ ਹਰ ਪਿੰਡ ਵਿੱਚ ਹਰ ਸ਼ਹਿਰ ਵਿੱਚ ਲੰਗਰ ਲਾਏ ਜਾ ਰਹੇ ਹਨ। ਕਸਬਾ ਘੱਗਾ ਵਿੱਚ ਲੰਗਰ ਦੇ ਟੈਂਟ ਵਿੱਚ ਬਿਜਲੀ ਦੀ ਸਜਾਵਟ ਕਰ ਰਹੇ ਨੌਜਵਾਨ ਸਤਵਿੰਦਰ ਸਿੰਘ ਵਾਸੀ ਬੂਟਾ ਸਿੰਘ ਵਾਲਾ (ਸਮਾਣਾ) ਦਾ ਹੱਥ ਅਚਾਨਕ ਬਿਜਲੀ ਦੀ ਤਾਰ ਨੂੰ ਲੱਗ ਗਿਆ, ਜਿਸ ਨਾਲ ਉਸਨੂੰ ਜ਼ਬਰਦਸਤ ਕਰੰਟ ਦਾ ਝਟਕਾ ਲੱਗਾ।

ਉਸ ਨੂੰ ਤੁਰੰਤ ਸਮਾਣਾ ਦੇ ਸਰਕਾਰੀ ਹਸਪਤਾਲ ਲਿਆਂਦਾ ਗਿਆ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਕਰ ਦਿੱਤਾ। ਇਸ ਘਟਨਾ ਦੀ ਬੂਟਾ ਸਿੰਘ ਵਾਲਾ ਦੇ ਸਰਪੰਚ ਅਮਰਜੀਤ ਸਿੰਘ ਅਤੇ ਪਿੰਡ ਦੇ ਚਰਨਜੀਤ ਸਿੰਘ ਨੇ ਜਾਣਕਾਰੀ ਦਿੱਤੀ। ਸਿਵਲ ਹਸਪਤਾਲ ਵਿੱਚ ਐਮਰਜੈਂਸੀ ਵਿੱਚ ਤਾਇਨਾਤ ਡਾਕਟਰ ਕੀਰਤੀ ਨੇ ਨੌਜਵਾਨ ਦੀ ਮੌਤ ਦੀ ਪੁਸ਼ਟੀ ਕੀਤੀ।

# ਮੋਗਾ ਪੁਲੀਸ ਨੇ ਜਬਰੀ ਵਸੂਲੀ ਅਤੇ ਧਮਕੀਆਂ ਦੇਣ ਵਾਲੇ 4 ਵਿਅਕਤੀ ਕੀਤੇ ਕਾਬੂ





(ਲੋਕ ਬਾਣੀ)- ਪੰਜਾਬ ਦੇ ਮੋਗਾ ਜ਼ਿਲ੍ਹੇ ਦੀ ਪੁਲਿਸ ਨੇ ਰੈਡੀਮੈਂਟ ਦੀ ਦੁਕਾਨ ਕਰਨ ਵਾਲੇ ਤੋਂ ਜਬਰੀ ਵਸੂਲੀ ਕਰਨ ਵਾਲੇ 4 ਵਿਅਕਤੀ ਕਾਬੂ ਕੀਤੇ ਹਨ। ਇਸ ਸਬੰਧੀ ਐਸ ਪੀ ਮੋਗਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਮੋਗਾ ਵਿੱਚ ਇੱਕ ਰੈਡੀਮੈਂਟ ਦੀ ਦੁਕਾਨ ਕਰਨ ਵਾਲੇ ਨੂੰ ਪਿਛਲੇ ਦਿਨਾਂ ਤੋਂ ਅਣਪਛਾਤੇ ਨੰਬਰਾਂ ਤੋਂ ਫੋਨ ਕਰਕੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ ਤੇ 60 ਲੱਖ ਰੁਪਏ ਦੀ ਫਿਰੌਤੀ ਮੰਗੀ ਜਾ ਰਹੀ ਸੀ। ਜਦੋਂ ਇਸ ਸਬੰਧੀ ਮੋਗਾ ਪੁਲੀਸ ਨੂੰ ਪਤਾ ਲੱਗਾ ਤਾਂ ਉਨ੍ਹਾਂ ਡੀਐਸਪੀ ਰਵਿੰਦਰ ਸਿੰਘ ਦੀ ਅਗਵਾਈ ਵਿੱਚ 4 ਦੋਸ਼ੀਆਂ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ। ਪੁਲਿਸ ਦੇ ਪ੍ਰੈਸ ਨੋਟ ਮੁਤਾਬਕ :- ਮਿਤੀ 16.12.2024 ਨੂੰ ਮੁਦਈ ਬਜ਼ਾਰ ਮੋਗਾ ਵਿਖੇ ਆਪਣੀ ਦੁਕਾਨ ਤੇ ਮੌਜੂਦ ਸੀ ਤਾਂ ਉਸ ਦੇ ਮੋਬਾਇਲ ਨੰਬਰ ਤੇ ਇਕ ਅਣਪਛਾਤੇ ਨੰਬਰ ਤੋਂ ਵੱਖ-ਵੱਖ ਸਮੇਂ ਤੇ ਤਿੰਨ ਕਾਲਾ ਆਈਆਂ। ਜਿਸ ਨੇ ਕਿਹਾ ਕਿ ਉਹ ਗੈਂਗਸਟਰ ਅਰਸ਼ ਡਾਲਾ ਬੋਲਦਾ ਹੈ ਅਤੇ ਧਮਕੀ ਦਿੱਤੀ ਕਿ ਮੈਨੂੰ 60 ਲੱਖ ਰੁਪਏ ਦਿਓ ਨਹੀਂ ਤਾਂ ਮੈਂ ਤੁਹਾਡੇ ਸਾਰੇ ਪਰਿਵਾਰ ਨੂੰ ਮਾਰ ਦੇਵਾਂਗਾ। ਪਹਿਲੇ ਫੋਨ ਤੋਂ ਬਾਅਦ ਦੋਸ਼ੀਆਂ ਨੇ ਮੁਦਈ ਨੂੰ ਵਾਰ-ਵਾਰ 02 ਹੋਰ ਫੋਨ ਕਰਕੇ ਧਮਕਾਇਆ। ਇਸ ਸਬੰਧੀ ਇਤਲਾਹ ਮਿਲਣ ਤੇ ਮੋਗਾ ਪੁਲਿਸ ਵੱਲੋਂ ਮੁਕੱਦਮਾ ਨੰਬਰ 272 ਮਿਤੀ 26.12.2024 ਅ/ਧ 308(4). 308(5), 351(1), 351(3), 62 ਬੀ.ਐਨ.ਐਸ. ਥਾਣਾ ਸਿਟੀ ਮੋਗਾ ਬਰਖਿਲਾਫ । ਸਿਮਰਨਜੀਤ ਸਿੰਘ ਵਾਸੀ ਕਿਰਾਏਦਾਰ ਮਕਾਨ ਮਾਲਕ ਰਿੰਕੂ ਸਿੰਘ, ਨੇੜੇ ਬੌਬੀ ਮਹੰਤ ਦਾ ਮੰਦਰ, ਕਬੀਰ ਨਗਰ, ਕਟਾਰੀਆ ਰੋਡ ਮੋਗਾ, 2,ਕਰਨ ਕੁਮਾਰ ਵਾਸੀ ਪ੍ਰਤਾਪਗੜ੍ਹ (ਯੂ.ਪੀ) ਹਾਲ ਵਾਸੀ ਗਲੀ ਨੰਬਰ 04, ਸਰਦਾਰ ਨਗਰ, ਨੇੜੇ ਆਰਾ ਰੋਡ ਮੋਗਾ, 3.ਸਦੀਪ ਸਿੰਘ ਵਾਸੀ ਨਿਗਾਹਾ ਰੋਡ, ਚੁੰਗੀ ਨੰਬਰ 03, ਮਕਾਨ ਨੰਬਰ 185, ਬੈਕ ਸਾਈਡ ਨੇੜੇ ਸਿਵੇ ਮੋਗਾ, 4.ਸੋਨੂੰ ਕੁਮਾਰ ਵਾਸੀ ਨੇੜੇ ਪਿੰਡ ਕੁਰਾਲੀ ਸ਼ਹਿਰ ਜਿਲ੍ਹਾ ਅਟਾਵਾ ਸ਼ਹਿਰ (ਯੂ.ਪੀ) ਹਾਲ ਬੁਰਜਾ ਫਾਟਕ, ਜਟੀਆ ਮੁਹੱਲਾ ਗਲੀ ਨੰਬਰ 03 ਮਲੋਟ ਜਿਲਾ ਸ੍ਰੀ ਮੁਕਤਸਰ ਸਾਹਿਬ ਹਾਲ ਕਿਰਾਏਦਾਰ ਅਕਾਲਸਰ ਗੁਰਦੁਆਰਾ ਦੇ ਸਾਹਮਣੇ ਅਕਾਲਸਰ ਰੋਡ ਮੋਗਾ ਦਰਜ ਰਜਿਸਟਰ ਕੀਤਾ। ਮੁੱਢਲੀ ਤਫਤੀਸ਼ ਤੋਂ ਇਹ ਤੱਥ ਸਾਹਮਣੇ ਆਇਆ ਕਿ ਦੋਸ਼ੀ ਸਿਮਰਨਜੀਤ ਸਿੰਘ ਵਾਸੀ ਕਿਰਾਏਦਾਰ ਮਕਾਨ ਮਾਲਕ ਰਿੰਕੂ ਸਿੰਘ, ਨੇੜੇ ਬੌਬੀ ਮਹੰਤ ਦਾ ਮੰਦਰ, ਕਬੀਰ ਨਗਰ, ਕਟਾਰੀਆ ਰੋਡ ਮੋਗਾ ਮੁੱਦਈ ਦੀ ਦੁਕਾਨ ਪਰ ਕੰਮ ਕਰਦਾ ਸੀ ਜਿਸ ਕਰਕੇ ਇਸ ਦੋਸ਼ੀ ਨੂੰ ਮੁੱਦਈ ਦੇ ਆਉਣ-ਜਾਣ ਅਤੇ ਕੰਮ-ਕਾਰ ਬਾਰੇ ਪਤਾ ਸੀ ਅਤੇ ਇਸ ਗੱਲ ਦਾ ਫਾਇਦਾ ਉਠਾਉਂਦੇ ਹੋਏ ਦੋਸ਼ੀ ਨੇ ਮੁੱਦਈ ਨੂੰ ਧਮਕੀਆਂ ਦੇਣੀਆਂ ਸ਼ੁਰੂ ਦਿੱਤੀਆਂ। ਮੁੱਖ ਅਫਸਰ ਥਾਣਾ ਸਿਟੀ ਮੋਗਾ ਅਤੇ ਉਹਨਾਂ ਦੀ ਟੀਮ ਵੱਲੋਂ ਤਕਨੀਕੀ ਮਦਦ ਅਤੇ ਹਿਊਮਨ ਇੰਨਟੈਲੀਜੈਸ ਦੀ ਮਦਦ ਨਾਲ ਮੁਕੱਦਮਾ ਦੀ ਤਫਤੀਸ਼ ਦੌਰਾਨ ਉਕਤਾਨ ਸਾਰੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਉਕਤਾਨ ਦੇਸ਼ੀਆਂ ਪਾਸੋਂ ਧਮਕੀਆਂ ਦੇਣ ਲਈ ਵਰਤਿਆ ਗਿਆ ਮੋਬਾਇਲ ਫੋਨ ਵੀ ਬਰਾਮਦ ਕੀਤਾ ਗਿਆ ਹੈ। ਦੋਸ਼ੀਆਂ ਨੂੰ ਅੱਜ ਮਾਣਯੋਗ ਅਦਾਲਤ ਵਿਚ ਪੇਸ਼ ਕਰਕੇ ਰਿਮਾਂਡ ਹਾਸਿਲ ਕਰਕੇ ਹੋਰ ਵੀ ਪੁੱਛਗਿੱਛ ਕੀਤੀ ਜਾਵੇਗੀ।

# ਛੋਟੇ ਸਾਹਿਬਜਾਦਿਆਂ ਦੀ ਲਸਾਨੀ ਸ਼ਹਾਦਤ ਦੀ ਦੁਨੀਆ ‘ਚ ਕੋਈ ਮਿਸਾਲ ਨਹੀਂ -ਖੋਜੇਵਾਲ



ਫਗਵਾੜਾ ( ਸੁਸ਼ੀਲ ਸ਼ਰਮਾ) ਭਾਰਤੀ ਜਨਤਾ ਪਾਰਟੀ ਦੀ ਫਗਵਾੜਾ ਇਕਾਈ ਵਲੋਂ ਦਸ਼ਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆਂ ਅਤੇ ਮਾਤਾ ਗੁਜ਼ਰੀ ਜੀ ਦੀ ਲਸਾਨੀ ਸ਼ਹਾਦਤ ਨੂੰ ਸਮਰਪਿਤ ਵੀਰ ਬਾਲ ਦਿਵਸ ਮੌਕੇ ਗੁਰੂਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਨਿੰਮਾ ਵਾਲਾ ਚੌਕ ਫਗਵਾੜਾ ਵਿਖੇ ਅਰਦਾਸ ਉਪਰੰਤ ਦੁੱਧ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਭਾਜਪਾ ਜਿਲ੍ਹਾ ਕਪੂਰਥਲਾ ਦੇ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਉਹਨਾਂ ਨੇ ਦੁੱਧ ਦੇ ਲੰਗਰ ਦੀ ਆਰੰਭਤਾ ਕਰਵਾਈ। ਖੋਜੇਵਾਲ ਨੇ ਚਾਰੇ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਪ੍ਰਣਾਮ ਕਰਦਿਆਂ ਕਿਹਾ ਕਿ ਖਾਸ ਤੌਰ ਤੇ ਛੋਟੇ ਸਾਹਿਬਜਾਦਿਆਂ ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਦੀਆਂ ਅਦੁੱਤੀ ਸ਼ਹਾਦਤਾਂ ਦੀ ਦੁਨੀਆ ਵਿਚ ਕੋਈ ਮਿਸਾਲ ਨਹੀਂ ਹੈ। ਜੁਲਮ ਦੇ ਖਿਲਾਫ ਜੰਗ ‘ਚ ਸਾਹਿਬ-ਏ-ਕਮਾਲ ਬਾਦਸ਼ਾਹ ਦਰਵੇਸ਼ ਗੁਰੂ ਗੋਬਿੰਦ ਸਿੰਘ ਸਾਹਿਬ ਨੇ ਆਪਣਾ ਸਰਬੰਸ ਦਾਨ ਕਰ ਦਿੱਤਾ। ਜਿਸ ਨਾਲ ਸਮੇਂ ਦੇ ਜਾਲਿਮ ਹਾਕਮਾਂ ਦੇ ਸਾਮਰਾਜ ਦੇ ਅੰਤ ਦੀ ਸ਼ੁਰੂਆਤ ਹੋਈ। ਉਹਨਾਂ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਅਤੇ ਚਾਰੇ ਸਾਹਿਬਜਾਦਿਆਂ ਤੋਂ ਸੇਧ ਲੈਂਦਿਆਂ ਦੇਸ਼ ਅਤੇ ਕੌਮ ਦੀ ਤਰੱਕੀ ਵਿਚ ਯੋਗਦਾਨ ਪਾਉਣ ਦੀ ਪੁਰਜੋਰ ਅਪੀਲ ਕੀਤੀ ਅਤੇ ਨਾਲ ਹੀ ਦੱਸਿਆ ਕਿ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਨੇ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਵੀਰ ਬਾਲ ਦਿਵਸ ਦੇ ਰੂਪ ਵਿਚ ਮਨਾਉਣ ਦਾ ਜੋ ਸ਼ਲਾਘਾਯੋਗ ਉਪਰਾਲਾ ਕੀਤਾ ਹੈ, ਉਸਦੀ ਬਦੌਲਤ ਅੱਜ ਦੇਸ਼ ਦੁਨੀਆ ਦੇ ਲੋਕ ਵੀ ਖਾਲਸਾ ਪੰਥ ਦੇ ਮਹਾਨ ਇਤਿਹਾਸ ਬਾਰੇ ਜਾਣ ਰਹੇ ਹਨ ਤੇ ਸ਼ਰਧਾ ਨਾਲ ਸੀਸ ਝੁਕਾ ਰਹੇ ਹਨ। ਇਸ ਮੌਕੇ ਮੰਡਲ ਪ੍ਰਧਾਨ ਅਨੁਰਾਗ ਮਨਖੰਡ ਕੌਂਸਲਰ, ਬੀਰਾ ਰਾਮ ਬਲਜੋਤ ਕੌਂਸਲਰ, ਬਲਭੱਦਰ ਸੈਨ ਦੁੱਗਲ ਸਾਬਕਾ ਪ੍ਰਧਾਨ ਨਗਰ ਕੌਂਸਲ ਫਗਵਾੜਾ, ਰਾਜੀਵ ਪਾਹਵਾ ਮਹਾਂਮੰਤਰੀ, ਤੇਜਸਵੀ ਭਾਰਦਵਾਜ ਸਾਬਕਾ ਚੇਅਰਮੈਨ ਨਗਰ ਸੁਧਾਰ ਟਰੱਸਟ ਫਗਵਾੜਾ, ਆਸ਼ੂ ਸਾਂਪਲਾ, ਬਲਵਿੰਦਰ ਠਾਕੁਰ, ਆਸ਼ੂ ਪੁਰੀ, ਵਿਸ਼ਾਲ ਵਾਲੀਆ, ਮਹੇਸ਼ ਬਾਂਗਾ, ਸੰਜੀਵ ਵਰਮਾ, ਮਹਿੰਦਰ ਥਾਪਰ, ਰਣਜੀਤ ਪਾਬਲਾ, ਘੋਲਾ ਸ਼ਰਮਾ, ਮਨੀਸ਼ ਖੋਸਲਾ, ਦੀਨਬੰਧੂ ਪਾਂਡੇ, ਰਾਮ ਸਾਂਪਲਾ, ਸੁਰਿੰਦਰ ਜੋਰਡਨ, ਰਾਜਕੁਮਾਰ ਗੁਪਤਾ, ਮਹਿਲਾ ਮੋਰਚਾ ਪ੍ਰਧਾਨ ਭਾਰਤੀ ਸ਼ਰਮਾ, ਰਜਨੀ ਬਾਲਾ, ਸਲੋਨੀ ਜੈਨ, ਸੀਮਾ ਚੱਢਾ, ਰੀਨਾ ਖੋਸਲਾ, ਅਨੀਤਾ ਕੌੜਾ, ਸੁਰੇਖਾ, ਰਵਿੰਦਰ ਕੌਰ ਆਦਿ ਹਾਜਰ ਸਨ

# ਇਬੰਨ ਚਰਚ ਵਿਖੇ ਸੈਂਕੜੇ ਲੋਕਾਂ ਵੱਲੋਂ ਧੂਮਧਾਮ ਨਾਲ ਮਨਾਇਆ ਗਿਆ ਕ੍ਰਿਸਮਸ



ਫ਼ਗਵਾੜਾ (ਸੁਸ਼ੀਲ ਸ਼ਰਮਾ) ਅੰਮ੍ਰਿਤਸਰ ਇਬੰਨ ਚਰਚ ਵਿਖੇ ਸੈਂਕੜੇ ਲੋਕਾਂ ਦੀ ਹਾਜ਼ਰੀ ਵਿੱਚ ਪੰਕਜ ਰੰਧਾਵਾ ਮਿਨਿਸਟਰੀ ਵਿੱਚ ਕ੍ਰਿਸਮਸ ਬੜੀ ਸ਼ਰਧਾ ਅਤੇ ਧੂਮ-ਧਾਮ ਨਾਲ ਮਨਾਇਆ ਗਿਆ। ਪਰਮੇਸ਼ੁਰ ਦੇ ਦਾਸ ਪਾਸਟਰ ਪੰਕਜ ਰੰਧਾਵਾ ਜੀ ਨੇ ਲੋਕਾਂ ਨੂੰ ਪਵਿੱਤਰ ਵਚਨ ਦਿੱਤਾ। ਬੀਮਾਰਾਂ ਦੇ ਲਈ ਖਾਸ ਪ੍ਰਾਰਥਨਾ ਕੀਤੀ ਅਤੇ ਲੋਕਾਂ ਨੇ ਚੰਗਿਆਈ ਨੂੰ ਗ੍ਰਹਿਣ ਕੀਤਾ। ਇਸ ਮੌਕੇ ਤੇ ਚਰਚ ਦੇ ਪ੍ਰਧਾਨ ਗੋਤਮ ਰਾਜ ਜੀ,ਪਾਸਟਰ ਵਨੀ ਜੀ,ਦਰਸ਼ਨ ਭੱਟੀ,ਪਾਸਟਰ ਦੀਪਕ ਪ੍ਰਮੁੱਖ ਰੂਪ ਵਿੱਚ ਸ਼ਾਮਿਲ ਹੋਏ। ਸਰਬੱਤ ਦੇ ਭਲੇ,ਤੰਦਰੁਸਤੀ ਦੀ ਕਾਮਨਾ ਕਰਦੇ ਹੋਏ ਅਰਦਾਸ ਵੀ ਕੀਤੀ ਗਈ। ਸੁੰਦਰ ਵੇਸ ਭੂਸ਼ਾ ਵਿੱਚ ਤਿਆਰ ਸੈਂਟਾ ਕਲਾਜ਼ ਵੱਲੋਂ ਸ਼ੁਭ ਇਛਾਵਾਂ ਭੇਂਟ ਕਰਦੇ ਹੋਏ ਬੱਚਿਆਂ ਨੂੰ ਉਪਹਾਰ ਵੀ ਭੇਂਟ ਕੀਤੇ ਗਏ। ਇਸ ਮੌਕੇ ਤੇ ਪੰਜਾਬੀ ਕਲਚਰ ਗਿੱਧਾ, ਭੰਗੜਾ ਅਤੇ ਬੱਚਿਆਂ ਦੀ ਸੁੰਦਰ ਡਾਂਸ ਪਰਫਾਰਮੈਂਸ ਹੋਈ,ਚਰਚ ਵਿੱਚ ਸੁੰਦਰ ਡੈਕੋਰੇਸ਼ਨ ਕੀਤੀ ਗਈ। ਮਾਰਨਿੰਗ ਸਨੈਕਸ ਵਿੱਚ ਪੇਸਟਰੀ,ਪੈਟੀਜ,ਪਕੌੜੇ,ਫ਼ਰੂਟ-ਚਾਟ,ਚਾਹ, ਕੋਫੀ ਅਤੇ ਲੰਚ ਵਿੱਚ ਅਲਗ-ਅਲਗ ਤਰ੍ਹਾਂ ਦੇ ਪਕਵਾਨਾਂ ਦਾ ਲੰਗਰ ਲਗਾਇਆ ਗਿਆ।

# ਪ੍ਰਵਾਸੀ ਭਾਰਤੀ ਬੰਗੜ ਭਰਾਵਾਂ ਦੇ ਸਹਿਯੋਗ ਸਦਕਾ ਸਕੂਲੀ ਵਿਦਿਆਰਥੀਆਂ ਨੂੰ ਵੰਡੀਆਂ ਟੋਪੀਆਂ ਤੇ ਜੁਰਾਬਾਂ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰਵਾਸੀ ਭਾਰਤੀ ਸਤਨਾਮ ਸਿੰਘ ਬੰਗੜ ਅਤੇ ਮੋਹਨ ਲਾਲ ਬੰਗੜ ਦੇ ਸਹਿਯੋਗ ਸਦਕਾ ਸਰਕਾਰੀ ਪ੍ਰਾਇਮਰੀ ਸਕੂਲ ਲੱਖਪੁਰ ਵਿਖੇ ਪ੍ਰੀ-ਪ੍ਰਾਇਮਰੀ ਤੋਂ ਪੰਜਵੀ ਜਮਾਤ ਦੇ ਕਰੀਬ 60 ਬੱਚਿਆਂ ਨੂੰ ਸਰਦੀ ਤੋਂ ਬਚਾਅ ਲਈ ਟੋਪੀਆਂ ਤੇ ਜੁਰਾਬਾਂ ਦੀ ਵੰਡ ਕੀਤੀ ਗਈ। ਇਸ ਤੋਂ ਇਲਾਵਾ ਪ੍ਰਵਾਸੀ ਭਾਰਤੀ ਨਰਿੰਦਰ ਸਿੰਘ ਯੂ.ਕੇ. ਵਲੋਂ ਵੀ ਸਕੂਲ ਨੂੰ ਇੰਨਵਰਟਰ ਭੇਂਟ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਰਘਬੀਰ ਸਿੰਘ ਕਨੇਡਾ ਅਤੇ ਸਾਬਕਾ ਸਰਪੰਚ ਪਿਆਰਾ ਸਿੰਘ ਢੱਡਵਾਲ ਨੇ ਸਕੂਲ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਹਨਾਂ ਸਰਕਾਰੀ ਸਕੂਲ ਵਿਚ ਬੱਚਿਆਂ ਅਤੇ ਸਟਾਫ ਨੂੰ ਮਿਲ ਰਹੀਆਂ ਸੁਵਿਧਾਵਾਂ ਪ੍ਰਤੀ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਮੌਜੂਦ ਰਹੇ ਸਰਕਾਰੀ ਸੀਨੀਅਰ ਸੈਕੇਂਡਰ ਸਕੂਲ ਲੱਖਪੁਰ ਦੇ ਰਿਟਾਇਰਡ ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਨੇ ਪ੍ਰਵਾਸੀ ਭਾਰਤੀਆਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਪ੍ਰਵਾਸੀ ਭਾਰਤੀਆਂ ਦਾ ਲੱਖਪੁਰ ਅਤੇ ਨੇੜਲੇ ਪਿੰਡਾਂ ਦੇ ਸਰਕਾਰੀ ਸਕੂਲਾਂ ਦੇ ਵਿਕਾਸ ਵਿਚ ਵਢਮੁੱਲਾ ਯੋਗਦਾਨ ਹੈ। ਉਹਨਾਂ ਖਾਸ ਤੌਰ ਤੇ ਇੰਨਵਰਟਰ ਨਾਲ ਸਕੂਲ ਨੂੰ ਹੋਣ ਵਾਲੇ ਫਾਇਦੇ ਦਾ ਜਿਕਰ ਕੀਤਾ ਅਤੇ ਕਿਹਾ ਕਿ ਸਤਨਾਮ ਸਿੰਘ ਬੰਗੜ ਅਤੇ ਮੋਹਨ ਲਾਲ ਬੰਗੜ ਦਾ ਪਹਿਲਾਂ ਵੀ ਪਿੰਡ ਅਤੇ ਸਕੂਲਾਂ ਦੇ ਵਿਕਾਰ ਵਿਚ ਵਢਮੁੱਲਾ ਯੋਗਦਾਨ ਪ੍ਰਾਪਤ ਹੁੰਦਾ ਰਿਹਾ ਹੈ। ਸਕੂਲ ਇੰਚਾਰਜ ਸਰਬਜੀਤ ਕੁਮਾਰ ਨੇ ਦੱਸਿਆ ਕਿ ਸਕੂਲ ਦੀ ਨਵੀਂ ਇਮਾਰਤ ਵਿਚ ਪ੍ਰਵਾਸੀ ਭਾਰਤੀਆਂ ਅਤੇ ਦਾਨੀ ਸੱਜਣਾਂ ਦਾ ਵਢਮੁੱਲਾ ਯੋਗਦਾਨ ਹੈ। ਉਹਨਾਂ ਨੇ ਪ੍ਰਵਾਸੀ ਭਾਰਤੀ ਪਰਿਵਾਰਾਂ ਅਤੇ ਸਮੂਹ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਮਾਸਟਰ ਅਕਬਰ ਖਾਨ, ਮੈਡਮ ਪਰਵੀਨ ਬੰਗੜ, ਕੁਲਵਿੰਦਰ ਕੌਰ, ਮੀਨੂੰ ਲੱਖਪੁਰ ਆਂਗਨਬਾੜੀ ਵਰਕਰ, ਬਲਜੀਤ ਕੌਰ ਹੈਲਪਰ, ਮਨਜੀਤ ਕੌਰ, ਰਣਜੀਤ ਕੌਰ, ਜਸਵਿੰਦਰ ਕੌਰ, ਪਰਮਜੀਤ ਕੌਰ, ਹਰਮਨ ਕੌਰ, ਹਰਵਿੰਦਰ ਕੌਰ, ਪੂਜਾ, ਭੋਲੀ ਆਦਿ ਹਾਜਰ ਸਨ

# ਡਾ.ਮਨਮੋਹਨ ਸਿੰਘ ਆਪਣੇ ਆਪ ਵਿੱਚ ਇੱਕ ਐਨਸਾਈਕਲੋਪੀਡੀਆ ਸਨ-ਐਮ.ਪੀ.ਔਜਲਾ



ਫ਼ਗਵਾੜਾ (ਸੁਸ਼ੀਲ ਸ਼ਰਮਾ) ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਵੱਲੋਂ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾ.ਮਨਮੋਹਨ ਸਿੰਘ ਦੇ ਦੇਹਾਂਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਡਾ.ਮਨਮੋਹਨ ਸਿੰਘ ਆਪਣੇ ਆਪ ਵਿਚ ਇਕ ਵਿਸ਼ਵਕੋਸ਼ ਹਨ, ਜਿਨ੍ਹਾਂ ਦਾ ਮਾਰਗਦਰਸ਼ਨ ਦੇਸ਼ ਦੇ ਹਰ ਵਿਅਕਤੀ ਲਈ ਜ਼ਰੂਰੀ ਸੀ ਅਤੇ ਹਮੇਸ਼ਾ ਰਹੇਗਾ। ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅੱਜ ਡਾ.ਮਨਮੋਹਨ ਸਿੰਘ ਦੇ ਅੰਤਿਮ ਦਰਸ਼ਨਾਂ ਲਈ ਦਿੱਲੀ ਸਥਿਤ ਉਨ੍ਹਾਂ ਦੀ ਰਿਹਾਇਸ਼ ਤੇ ਪੁੱਜੇ,ਜਿੱਥੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਡਾ.ਮਨਮੋਹਨ ਸਿੰਘ ਅਜਿਹੇ ਵਿਅਕਤੀ ਸਨ ਜਿਨ੍ਹਾਂ ਨੇ ਆਪਣੀ ਦੂਰਅੰਦੇਸ਼ੀ ਸੋਚ ਨਾਲ ਦੇਸ਼ ਦੀ ਡਗਮਗਾ ਰਹੀ ਆਰਥਿਕਤਾ ਨੂੰ ਸੰਭਾਲਿਆ ਅਤੇ ਇਸ ਨੂੰ ਅੰਤਰਰਾਸ਼ਟਰੀ ਪੱਧਰ ਤੇ ਪ੍ਰਸਿੱਧੀ ਦਿਵਾਈ। ਉਹ ਆਪਣੇ ਆਪ ਵਿਚ ਇਕ ਐਨਸਾਈਕਲੋਪੀਡੀਆ ਸਨ ਜਿਹਨਾਂ ਦਾ ਮਾਰਗਦਰਸ਼ਨ ਦੇਸ਼ ਦੇ ਹਰ ਵਿਅਕਤੀ ਲਈ ਜ਼ਰੂਰੀ ਹੋਵੇਗਾ। ਸਾਂਸਦ ਔਜਲਾ ਨੇ ਕਿਹਾ ਕਿ ਡਾ.ਮਨਮੋਹਨ ਸਿੰਘ ਦੇ ਦੇਹਾਂਤ ਨਾਲ ਇੱਕ ਅਧਿਆਏ ਖਤਮ ਹੋ ਗਿਆ ਹੈ। ਉਨ੍ਹਾਂ ਦੇ ਜਾਣ ਨਾਲ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਪੈ ਗਿਆ ਹੈ। ਉਨ੍ਹਾਂ ਨੂੰ ਹਮੇਸ਼ਾ ਸਾਡੇ ਦਿਲਾਂ ਚ ਯਾਦ ਕੀਤਾ ਜਾਵੇਗਾ ਅਤੇ ਉਨ੍ਹਾਂ ਦੇ ਦਰਸਾਏ ਮਾਰਗ ਤੇ ਚੱਲਣਾ ਸਾਡੇ ਲਈ ਮਾਣ ਵਾਲੀ ਗੱਲ ਹੋਵੇਗੀ।

# ਬਲੱਡ ਬੈਂਕ ਨੇ ਚਾਰ ਸਾਹਿਬਜਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਕੀਤਾ ਕੰਬਲ ਵੰਡ ਸਮਾਗਮ

## 51 ਲੋੜਵੰਦ ਔਰਤਾਂ ਨੂੰ ਵੰਡੇ ਗਰਮ ਕੰਬਲ

ਫਗਵਾੜਾ ( ਸੁਸ਼ੀਲ ਸ਼ਰਮਾ ) ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਹਰ ਸਾਲ ਦੀ ਤਰ੍ਹਾਂ ਠੰਡ ਦੇ ਮੌਸਮ ਵਿਚ ਲੋੜਵੰਦਾਂ ਨੂੰ ਸਰਦੀ ਤੋਂ ਬਚਾਅ ਲਈ ਕੰਬਲਾਂ ਦੀ ਵੰਡ ਕੀਤੀ ਗਈ। ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਅਗਵਾਈ ਹੇਠ ਆਯੋਜਿਤ ਇਹ ਸਮਾਗਮ ਦਸ਼ਮਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜਾਦਿਆਂ ਦੀ ਮਹਾਨ ਸ਼ਹਾਦਤ ਨੂੰ ਸਰਮਪਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਮਲਕੀਅਤ ਸਿੰਘ ਰਘਬੋਤਰਾ, ਤਾਰਾ ਚੰਦ ਚੁੰਬਰ ਅਤੇ ਕ੍ਰਿਸ਼ਨ ਕੁਮਾਰ ਨੇ ਕਿਹਾ ਕਿ ਸਿੱਖ ਇਤਿਹਾਸ ਵਿਚ ਪੋਹ ਦਾ ਮਹੀਨਾ ਲਸਾਨੀ ਸ਼ਹਾਦਤਾਂ ਦਾ ਮਹੀਨਾ ਹੈ। ਗੁਰੂ ਗੋਬਿੰਦ ਸਿੰਘ ਸਾਹਿਬ ਨੇ ਜੁਲਮ ਦੇ ਖਿਲਾਫ ਜੰਗ 'ਚ ਆਪਣਾ ਸਰਬੰਸ ਦਾਨ ਕਰ ਦਿੱਤਾ। ਜਿਸ ਤੋਂ ਬਾਅਦ ਜਾਲਮ ਮੁਗਲ ਸਾਮਰਾਜ ਦੇ ਖਾਤਮੇ ਦੀ ਸ਼ੁਰੂਆਤ ਹੋਈ ਸੀ। ਇਸ ਦੌਰਾਨ ਉਹਨਾਂ ਨੇ ਠੰਡੇ ਬੁਰਜ ਵਿਚ ਆਪਣੀ ਜਾਨ ਦੀ ਕੁਰਬਾਨੀ ਦੇਣ ਵਾਲੇ




ਮੋਤੀ ਰਾਮ ਮਹਿਰਾ ਅਤੇ ਛੋਟੇ ਸਾਹਿਬਜਾਦਿਆਂ ਦੇ ਸੰਸਕਾਰ ਲਈ ਵਜੀਰ ਖਾਨ ਤੋਂ ਸੋਨੇ ਦੀਆਂ ਮੋਹਰਾਂ ਖੜੀਆਂ ਕਰਕੇ ਜਮੀਨ ਲੈਣ ਵਾਲੇ ਦੀਵਾਨ ਟੋਡਰ ਮੱਲ ਨੂੰ ਵੀ ਸ਼ਰਧਾ ਦੇ ਨਾਲ ਯਾਦ ਕੀਤਾ। ਰਘਬੋਤਰਾ ਨੇ ਦੱਸਿਆ ਕਿ ਸਮਾਗਮ ਦੌਰਾਨ 51 ਲੋੜਵੰਦ ਔਰਤਾਂ ਨੂੰ ਗਰਮ ਕੰਬਲਾਂ ਦੀ ਵੰਡ ਕੀਤੀ ਗਈ। ਜਿਸ ਵਿਚ ਬੀਬੀ ਹਰਬੰਸ ਕੌਰ ਯੂ.ਕੇ. ਅਤੇ ਪਰਿਵਾਰ ਦਾ ਵਢਮੁੱਲਾ ਸਹਿਯੋਗ ਪ੍ਰਾਪਤ ਹੋਇਆ। ਇਸ ਮੌਕੇ ਸੀਨੀਅਰ ਸਿਟੀਜਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਵਿਸ਼ਵਾਮਿੱਤਰ ਸ਼ਰਮਾ, ਐਸ.ਸੀ. ਚਾਵਲਾ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਮੀਰਾ ਕੁਮਾਰੀ ਅਤੇ ਪੰਡਿਤ ਕੁੰਦਨ ਭਨੋਟ ਆਦਿ ਹਾਜਰ ਸਨ

# ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਨੇ ਵੀਰ ਬਾਲ ਦਿਵਸ ਆਯੋਜਿਤ ਕੀਤਾ




ਚੰਡੀਗੜ੍ਹ। (ਲੋਕ ਬਾਣੀ)- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਵੀਰ ਬਾਲ ਦਿਵਸ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮ.ਡੀ.ਏ.ਵੀ ਭਵਨ, ਦਰੀਆ, ਚੰਡੀਗੜ੍ਹ ਵਿਖੇ ਮਨਾਇਆ ਗਿਆ। ਅਜੀਤ ਸਿੰਘ, ਜੁਝਾਰ ਸਿੰਘ, ਜ਼ੋਰਾਵਰ, ਫਤਹਿ ਸਿੰਘ ਗੁਰੂ ਗੋਬਿੰਦ ਸਿੰਘ ਜੀ ਦੇ ਪੁੱਤਰ ਸਨ। ਸਾਹਿਬਜ਼ਾਦਿਆਂ ਨੇ ਉਸ ਛੋਟੀ ਉਮਰ ਵਿੱਚ ਦੇਸ਼ ਅਤੇ ਧਰਮ ਲਈ ਕੁਰਬਾਨੀਆਂ ਦਿੱਤੀਆਂ ਜਦੋਂ ਖੇਡਣ-ਕੁੱਦਣ ਦਾ ਸਮਾਂ ਆਇਆ। ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਨੂੰ ਸਰਹਿੰਦ ਦੇ ਸੂਬੇਦਾਰ ਵਜ਼ੀਰ ਖਾਨ ਨੇ ਕੰਧਾਂ ਵਿੱਚ ਜਿੰਦਾ ਸਲੀਬ ਦੇ ਦਿੱਤਾ ਸੀ। ਸਕੂਲ ਦੇ ਵਿਦਿਆਰਥੀਆਂ ਨੇ ਉਨ੍ਹਾਂ ਦੇ ਸਨਮਾਨ ਵਿੱਚ ਲੇਖਾਂ ਅਤੇ ਕਵਿਤਾਵਾਂ ਰਾਹੀਂ ਉਨ੍ਹਾਂ ਦੀ ਬਹਾਦਰੀ ਨੂੰ ਯਾਦ ਕੀਤਾ। ਸਕੂਲ ਦੇ ਪੈਟਰਨ ਐਨ.ਆਰ.ਆਈ ਸੁਦਰਸ਼ਨ ਗਰਗ ਨੇ ਇਤਿਹਾਸਕ ਪਰਿਪੇਖ ਤੇ ਚਾਨਣਾ ਪਾਇਆ। ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੌਦਗਿਲ ਨੇ ਸਾਰੇ ਵਿਦਿਆਰਥੀਆਂ ਦੀ ਪੇਸ਼ਕਾਰੀ ਦੀ ਸ਼ਲਾਘਾ ਕੀਤੀ।

# ਸ਼ਹੀਦ ਬਾਬਾ ਦੀਪ ਸਿੰਘ ਐਨ.ਆਰ.ਆਈ. ਵੈਲਫੇਅਰ ਸੁਸਾਇਟੀ ਨੇ ਵਾਰਡ ਨੰਬਰ 9 ਦੇ ਵੋਟਰਾਂ ਦਾ ਕੀਤਾ ਧੰਨਵਾਦ

## ਕਿਹਾ- ਵਾਰਡ ਵਸਨੀਕਾਂ ਦੇ ਦੁੱਖ ਸੁੱਖ ਦਾ ਸਾਥੀ ਹੈ ਕਿੰਦਾ ਪਰਿਵਾਰ

ਫਗਵਾੜਾ (ਸੁਸ਼ੀਲ ਸ਼ਰਮਾ ) ਸ਼ਹੀਦ ਬਾਬਾ ਦੀਪ ਸਿੰਘ ਐਨ.ਆਰ.ਆਈ. ਵੈਲਫੇਅਰ ਸੁਸਾਇਟੀ (ਰਜਿ.) ਫਗਵਾੜਾ ਨੇ ਸਾਬਕਾ ਕੌਂਸਲਰ ਕੁਲਵਿੰਦਰ ਸਿੰਘ ਕਿੰਦਾ ਦੀ ਪਤਨੀ ਕਮਲਜੀਤ ਕੌਰ ਨੂੰ ਭਾਰੀ ਵੋਟਾਂ ਨਾਲ ਜਿਤਾਉਣ ਲਈ ਸਮੂਹ ਵਾਰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਗੱਲਬਾਤ ਕਰਦਿਆਂ ਸੁਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ, ਜਗਤਾਰ ਸਿੰਘ ਰਿਟਾ. ਥਾਣੇਦਾਰ ਤੇ ਅਮਰਜੀਤ ਸਿੰਘ ਨੇ ਕਿਹਾ ਕਿ ਕੁਲਵਿੰਦਰ ਕਿੰਦਾ ਦਾ ਪਰਿਵਾਰ ਸਮੂਹ ਵਾਰਡ ਵਾਸੀਆਂ ਦੇ ਦੁੱਖ-ਸੁੱਖ ਦਾ ਸਾਥੀ ਹੈ। ਕੁਲਵਿੰਦਰ ਸਿੰਘ ਕਿੰਦਾ ਨੇ ਵੀ ਬਤੌਰ ਕੌਂਸਲਰ ਵਾਰਡ ਦਾ ਸਮੁੱਚਾ ਵਿਕਾਸ ਬਿਨਾ ਕਿਸੇ ਸਿਆਸੀ ਰੰਜਿਸ਼ ਤੋਂ ਕਰਵਾਇਆ ਹੈ। ਇਸੇ ਲਈ ਸਮੂਹ ਵਾਰਡ ਵਾਸੀਆਂ ਨੇ ਉਹਨਾਂ ਦੀ ਪਤਨੀ ਕਮਲਜੀਤ ਕੌਰ ਨੂੰ ਵਿਰੋਧੀ ਉਮੀਦਵਾਰ ਦੇ ਮੁਕਾਬਲੇ 307 ਵੋਟਾਂ ਦੀ ਵੱਡੀ ਲੀਡ ਨਾਲ ਜੇਤੂ ਬਣਾਇਆ। ਉਹਨਾਂ ਭਰੋਸਾ



ਜਤਾਇਆ ਕਿ ਕਮਲਜੀਤ ਕੌਰ ਵੀ ਪੂਰੀ ਤਨਦੇਹੀ ਨਾਲ ਵਾਰਡ ਦਾ ਵਿਕਾਸ ਕਰਵਾਉਣਗੇ ਅਤੇ ਅਧੂਰੇ ਪਏ ਵਿਕਾਸ ਦੇ ਕੰਮਾ ਨੂੰ ਪਹਿਲ ਦੇ ਅਧਾਰ ਤੇ ਪੂਰੇ ਕਰਵਾਉਣ ਦਾ ਯਤਨ ਕਰਨਗੇ। ਇਸ ਮੌਕੇ ਹਰਭਜਨ ਸਿੰਘ ਕਲੇਰ, ਜਗਤਾਰ ਸਿੰਘ, ਸੋਹਨ ਸਿੰਘ, ਜਰਨੈਲ ਸਿੰਘ, ਦਲਜੀਤ ਸਿੰਘ, ਜੋਗਿੰਦਰ ਸਿੰਘ, ਰਣਜੀਤ ਸਿੰਘ, ਸਤਨਾਮ ਸਿੰਘ, ਜਤਿੰਦਰ ਪਾਲ ਸਿੰਘ, ਨਿਰਮਲ ਸਿੰਘ, ਸਤੀਸ਼ ਕੁਮਾਰ, ਕੇਵਲ ਸਿੰਘ ਆਦਿ ਹਾਜਰ ਸਨ

# ਬਿਹਾਰ ਦੇ ਐਮ.ਐਲ.ਸੀ.ਸੰਜੇ ਕੁਮਾਰ ਸਿੰਘ ਸਮੇਤ ਪ੍ਰੀਵਾਰ ਸ਼੍ਰੀ ਦਰਬਾਰ ਸਾਹਿਬ ਟੇਕਣਗੇ ਮੱਥਾ



ਅੰਮਿਰਤਸਰ (ਲੋਕ ਬਾਣੀ)- ਜਨਤਾ ਦਲ (ਯੂ) ਦੇ ਸੂਬਾਈ ਜਨਰਲ ਸਕੱਤਰ ਸ੍ਰ ਸਤਨਾਮ ਸਿੰਘ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਬਿਹਾਰ ਵਿਧਾਨ ਪ੍ਰੀਸ਼ਦ ਦੇ ਮੈਂਬਰ ਸ੍ਰੀ ਸੰਜੇ ਕੁਮਾਰ ਸਿੰਘ ਅੱਜ ਮਿਤੀ 28 ਦਸੰਬਰ 2024 ਨੂੰ ਪ੍ਰੀਵਾਰ ਸਮੇਤ ਸੱਚਖੰਡ ਸ਼੍ਰੀ ਹਰਮੰਦਿਰ ਸਾਹਿਬ ਵਿਖੇ ਮੱਥਾ ਟੇਕਣਗੇ।

ਉਨ੍ਹਾ ਨੇ ਦੱਸਿਆ ਕਿ ਪ੍ਰਸਾਸ਼ਨ ਨੂੰ ਭੇਜੇ ਸ਼ਡਿਊਲ ਮੁਤਾਬਿਕ ਸ੍ਰੀ ਸੰਜੇ ਕੁਮਾਰ ਸਿੰਘ ਬਾਅਦ ਦੁਪਹਿਰ ਸ਼੍ਰੀ ਦੁਰਗਿਆਨਾ ਮੰਦਿਰ ਵਿਖੇ ਪਹੁੰਚਣਗੇ। ਉਹਨਾ ਨੇ ਦੱਸਿਆ ਕਿ ਉਸ ਤੋਂ ਬਾਅਦ ਇਤਿਹਾਸਕ ਸਥਾਨਾਂ ਦਰਸ਼ਨ ਕਰਨ ਉਪਰੰਤ ਵਾਹਗਾ ਬਾਰਡਰ ਪਹੁੰਚ ਕੇ ਝੰਡੇਂ ਦੀ ਰਸਮ ਦੇਖਣਗੇ।ਇਸ ਮੌਕੇ ਜੇਡੀ(ਯੂ) ਪੰਜਾਬ ਦੇ ਵਲੰਟੀਆਰ ਅੰਮ੍ਰਿਤਪਾਲ ਸਿੰਘ ਸ਼ਾਹਪੁਰ,ਪੀਏ ਗੁਰਪ੍ਰੀਤ ਸਿੰਘ ਜੋਧੇ,ਅੰਮ੍ਰਿਤ ਕਲਿਆਣ ਸਠਿਆਲਾ,ਸਰਵਣ ਸਿੰਘ ਬਿਆਸ ਫੌਜੀ,ਮਨੂੰ ਭੱਟੀ ਸ਼੍ਰੀ ਹਰਗੋਬਿੰਦਪੁਰ,ਗੁਰਮੇਮ ਸਿੰਘ ਜੋਧੇ ਅਤੇ ਸ਼੍ਰੀ ਰਾਹੁਲ ਘਈ ਲੁਧਿਆਣਾ ਆਦਿ ਹਾਜਰ ਸਨ।ਫੋਟੋ ਕੈਪਸ਼ਨ :ਜਨਤਾ ਦਲ ਯੁਨਾਈਟਿਡ ਪੰਜਾਬ ਦੇ ਜਨਰਲ ਸਕੱਤਰ ਸ੍ਰ ਸਤਨਾਮ ਸਿੰਘ ਗਿੱਲ ਜਾਣਕਾਰੀ ਦਿੰਦੇ ਹੋਏ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਰਣਜੀਤ ਨਗਰ ਰੈਜ਼ੀਡੈਂਟਸ ਵੈਲਫੇਅਰ ਐਸੋਸੀਏਸ਼ਨ ਵਲੋਂ 9ਵਾਂ ਸਮਾਗਮ 29 ਨੂੰ

ਖਰੜ, (ਕਾਲਾ ਸਿੰਘ ਸੈਣੀ )-ਸਾਹਿਬਜ਼ਾਦਿਆਂ ਦੀ ਸ਼ਹਾਦਾਤ ਨੂੰ ਸਮਰਪਿਤ 9ਵਾਂ ਸਲਾਨਾ ਸਮਾਗਮ 29 ਦਸੰਬਰ ਰਣਜੀਤ ਨਗਰ ਰੈਜ਼ੀਡੈਂਟਸ ਵੈਲਫੇਅਰ ਐਸੋਸੀਏਸ਼ਨ ਖਰੜ ਵਲੋਂ ਸਮੂਹ ਸੰਗਤ ਅਤੇ ਕਲੋਨੀ ਨਿਵਾਸੀਆਂ ਦੇ ਸਹਿਯੋਗ ਨਾਲ ਰੰਧਾਵਾ ਰੋਡ,ਰਣਜੀਤ ਨਗਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਗੁਰਦਿਆਲ ਸਿੰਘ ਸਕੱਤਰ, ਸਮਸ਼ੇਰ ਸਿੰਘ ਖਜਾਨਚੀ ਨੇ ਦਸਿਆ ਕਿ 9 ਤੋਂ 11 ਵਜੇ ਤੱਕ ਸ੍ਰੀ ਸੁਖਮਨੀ ਸਾਹਿਬ ਪਾਠ ਕਰਵਾਇਆ ਜਾਵੇਗਾ ਅਤੇ ਭੋਗ ਉਪਰੰਤ 11 ਤੋਂ 12.30 ਵਜੇ ਤੱਕ ਭਾਈ ਜਸਵਿੰਦਰ ਸਿੰਘ ਪਲਸੋਰਾ ਚੰਡੀਗੜ ਵਾਲੇ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕਰਨਗੇ। ਸਮਾਗਮ ਦੀ ਸਮਾਪਤੀ ਤੇ ਸੰਗਤਾਂ ਅਤੇ ਸ਼ਰਧਾਲੂਆਂ ਲਈ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਪੰਜਾਬ ਸਰਕਾਰ ਸੂਬੇ ਦੀਆਂ ਸੁਸਾਇਟੀਆਂ ਵਿਚ ਯੂਰੀਆ ਖਾਦ ਦੀ ਸਪਲਾਈ ਤੁਰੰਤ ਭੇਜੇ: ਦੇਹ ਕਲਾਂ, ਨਿਆਮੀਆਂ



ਖਰੜ, ( ਕਾਲਾ ਸਿੰਘ ਸੈਣੀ )- ਅਨਾਜ ਮੰਡੀ ਖਰੜ ਵਿਖੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਜਿਲਾ ਪ੍ਰਧਾਨ ਦਵਿੰਦਰ ਸਿੰਘ ਦੇਹ ਕਲਾਂ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਜਿਸ ਵਿਚ ਵਿਚਾਰ ਚਰਚਾ ਕੀਤੀ ਗਈ ਕਿ ਸਰਕਾਰ ਵਲੋਂ ਯੂਰੀਆਂ ਖਾਦ ਦੀ ਬਹੁਤ ਘਾਟ ਪਾਈ ਜਾ ਰਹੀ ਹੈ, ਉਸਨੂੰ ਸਮੇਂ ਸਿਰ ਪੂਰਾ ਨਹੀਂ ਕੀਤਾ ਜਾ ਰਿਹਾ ਹੈ ਕਿਉਕਿ ਕਿਸਾਨਾਂ ਨੂੰ ਫਸਲਾਂ ਲਈ ਯੂਰੀਆਂ ਖਾਦ ਦੀ ਇਸ ਸਮੇ ਬਹੁਤ ਵੱਡੀ ਲੋੜ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਵਲੋਂ ਸੁਸਾਇਟੀਆਂ ਵਿਚ ਯੂਰੀਆਂ ਖਾਦ ਭੇਜੀ ਜਾਣੀ ਸੀ ਜਿਥੋ ਕਿਸਾਨਾਂ ਨੂੰ ਫਾਇਦਾ ਹੁੰਦਾ ਹੈ, ਉਥੇ ਯੂਰੀਆਂ ਨਹੀਂ ਆ ਰਿਹਾ। ਜਿਹੜੀਆਂ ਪ੍ਰਾਈਵੇਟ ਦੁਕਾਨਾਂ, ਹੋਲਸੇਲਰਾਂ ਕੋਲ ਜਾਂਦਾ ਹੈ ਉਹ ਕੋਈ ਹੋਰ ਸਮਾਨ ਨਾਲ ਲੈ ਕੇ ਕਿਸਾਨਾਂ ਦੀ ਲੁੱਟ ਖੁਸੱਟ ਕ ਰਹੇ ਹਨ। ਖੇਤੀਬਾੜੀ ਵਿਭਾਗ ਨੂੰ ਵੀ ਇਸ ਗੱਲ ਤੇ ਧਿਆਨ ਦੇਣਾ ਚਾਹੀਦਾ ਹੈ। ਜਿਹੜੇ ਯੂਰੀਆਂ ਦੇ ਸਟਾਕ ਰੱਖੀ ਬੈਠੇ ਹਨ ਉਹ ਕਹਿ ਦਿੰਦੇ ਹਨ ਕਿ ਸਵੇਰੇ 10 ਵਜੇ ਆ ਕੇ ਲੈ ਜਾਓ। ਪਰ ਉਹ ਯੂਰੀਆਂ ਦੇ ਨਾਲ ਕਿਸਾਨਾਂ ਨੂੰ ਆਪਣਾ ਹੋਰ ਸਮਾਨ ਵੀ ਨਾਲ ਲੈਣ ਲਈ ਮਜ਼ਬੂਤ ਕਰਦੇ ਹਨ ਜਿਸ ਕਾਰਨ ਕਿਸਾਨਾਂ ਦੀ ਦੋਹਰੀ ਲੁੱਟ ਕੀਤੀ ਜਾ ਰਿਹੀ ਹੈ। ਉਨਾਂ ਸਰਕਾਰ ਨੂੰ ਅਪੀਲ ਕੀਤੀ ਕਿ ਸਰਕਾਰ ਸੁਸਾਇਟੀਆਂ ਵਿਚ ਯੂਰੀਆ ਖਾਦ ਦੀ ਸਪਲਾਈ ਤੁਰੰਤ ਭੇਜੇ ਅਤੇ ਕਿਸਾਨਾਂ ਨੂੰ ਲੁੱਟ ਤੋਂ ਬਚਾਏ। ਇਸ ਮੌਕੇ ਜਸਪਾਲ ਸਿੰਘ ਨਿਆਮੀਆਂ, ਜਤਿੰਦਰਪਾਲ ਸਿੰਘ ਜਿੰਦੂ ਘੋਖਰ, ਸੰਜੀਵ ਕੁਮਾਰ ਰੂਬੀ ਸਾਬਕਾ ਸਰਪੰਚ ਨਿਆਂ ਸ਼ਹਿਰ, ਰਾਜੂ ਭਟੇੜੀ ਸਮੇਤ ਹੋਰ ਕਿਸਾਨ ਅਤੇ ਮੈਂਬਰ ਹਾਜ਼ਰ ਸਨ।

# ਕਾਨਪੁਰ ਦੇ ਸਾਬਕਾ ਥਾਣਾ ਮੁਖੀ ਤੇ ਚਾਰ ਦੋਸ਼ੀ ਚੋਰ ਕੋਲੋਂ ਬਰਾਮਦ ਹੋਇਆ 25 ਲੱਖ ਰੁਪਏ ਦਾ ਸੋਨਾ ਵੇਚਣ ਦਾ ਦੋਸ਼




ਕਾਨਪੁਰ (ਸੁਨੀਲ ਬਾਜਪਾਈ) ਇੱਥੇ ਇੱਕ ਸਾਥੀ ਨੂੰ ਟੈਕਸ ਤੋਂ ਵਸੂਲੇ ਗਏ 25 ਲੱਖ ਰੁਪਏ ਦਾ ਸੋਨਾ ਵੇਚਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ।

ਮੁਕੰਮਲ ਜਾਂਚ ਵਿੱਚ ਰੇਲਵੇ ਬਾਜ਼ਾਰ ਦੇ ਸਾਬਕਾ ਥਾਣਾ ਮੁਖੀ ਵਿਜੇ ਦਰਸ਼ਨ ਸ਼ਰਮਾ ਸਮੇਤ ਚਾਰ ਵਿਅਕਤੀ ਦੋਸ਼ੀ ਪਾਏ ਗਏ ਹਨ, ਜਿਨ੍ਹਾਂ ਖ਼ਿਲਾਫ਼ ਪੁਲੀਸ ਕਮਿਸ਼ਨਰ ਅਖਿਲ ਕੁਮਾਰ ਹੁਣ ਕਾਰਵਾਈ ਕਰਨ ਦੀ ਤਿਆਰੀ ਕਰ ਰਹੇ ਹਨ।

ਜਾਣਕਾਰੀ ਮੁਤਾਬਕ ਜਾਂਚ ਕਮੇਟੀ ਨੇ ਇਸ ਮਾਮਲੇ ਚ ਸਾਬਕਾ ਐੱਸਓ ਵਿਜੇ ਦਰਸ਼ਨ ਸ਼ਰਮਾ, ਅੰਡਰ-ਟ੍ਰੇਨਿੰਗ ਇੰਸਪੈਕਟਰ ਰਵਿੰਦਰ ਸ਼੍ਰੀਵਾਸਤਵ, ਐਚਸੀਪੀ ਅਮਿਲ ਹਾਫਿਜ਼ ਅਤੇ ਕਾਰ ਚਾਲਕ ਆਕਾਸ਼ ਨੂੰ ਦੋਸ਼ੀ ਪਾਇਆ ਹੈ। ਜਦੋਂਕਿ ਹੈੱਡ ਕਾਂਸਟੇਬਲ ਸੁਭਾਸ਼ ਤਿਵਾੜੀ ਨੂੰ ਕਲੀਨ ਚਿੱਟ ਦੇ ਦਿੱਤੀ ਗਈ ਹੈ।

ਦੋਸ਼ ਹੈ ਕਿ ਚਾਰੇ ਦੋਸ਼ੀ ਪੁਲਿਸ ਮੁਲਾਜ਼ਮ ਸੁਨਿਆਰੇ ਦੀ ਦੁਕਾਨ ਤੇ ਗਏ ਸਨ। ਜਿੱਥੋਂ ਸੋਨਾ ਪਿਘਲਾ ਕੇ ਚੋਰ ਫ਼ਰਾਰ ਹੋ ਗਏ। ਇਸ ਤੋਂ ਬਾਅਦ ਪੁਲੀਸ ਕਮਿਸ਼ਨਰ ਨੇ ਰੇਲਬਾਜ਼ਾਰ ਦੇ ਐਸਓ ਵਿਜੇ ਦਰਸ਼ਨ ਸ਼ਰਮਾ ਸਮੇਤ ਪੰਜ ਪੁਲੀਸ ਮੁਲਾਜ਼ਮਾਂ ਨੂੰ ਮੁਅੱਤਲ ਕਰਕੇ ਜਾਂਚ ਦੇ ਹੁਕਮ ਦਿੱਤੇ ਹਨ। ਇੰਸਪੈਕਟਰ ਵਿਜੇ ਦਰਸ਼ਨ ਦੇ ਖਿਲਾਫ ਹਾਈਕੋਰਟ ਜਾਣ ਤੋਂ ਬਾਅਦ ਉਸ ਨੂੰ ਬਹਾਲ ਕਰ ਦਿੱਤਾ ਗਿਆ ਸੀ, ਜਦਕਿ ਹੋਰ ਪੁਲਸ ਕਰਮਚਾਰੀ ਅਜੇ ਵੀ ਮੁਅੱਤਲ ਹਨ। ਇਸ ਬਹੁਤ ਚਰਚਿਤ ਮਾਮਲੇ ਦੀ ਜਾਂਚ ਏਡੀਸੀਪੀ ਈਸਟ ਰਾਜੇਸ਼ ਸ਼੍ਰੀਵਾਸਤਵ ਨੇ ਕੀਤੀ। ਜਿਸ ਵਿੱਚ ਉਨ੍ਹਾਂ ਨੇ ਥਾਣਾ ਇੰਚਾਰਜ ਵਿਜੇ ਦਰਸ਼ਨ ਸ਼ਰਮਾ ਅਤੇ ਟਰੇਨਿੰਗ ਅਧੀਨ ਇੰਸਪੈਕਟਰ ਸਮੇਤ ਚਾਰ ਵਿਅਕਤੀਆਂ ਨੂੰ ਦੋਸ਼ੀ ਪਾਇਆ ਹੈ।

ਦੱਸ ਦੇਈਏ ਕਿ 10 ਅਕਤੂਬਰ ਨੂੰ ਬਰਾੜਾ-6 ਚ ਰਹਿਣ ਵਾਲੀ ਅਧਿਆਪਕਾ ਸ਼ਾਲਿਨੀ ਦੂਬੇ ਦੇ ਘਰ ਚੋਂ 30 ਲੱਖ ਰੁਪਏ ਤੋਂ ਵੱਧ ਦੀ ਚੋਰੀ ਹੋ ਗਈ ਸੀ। ਤਤਕਾਲੀ ਰੇਲਬਾਜ਼ਾਰ ਐਸ.ਓ ਵਿਜੇ ਦਰਸ਼ਨ ਨੇ ਚੋਰਾਂ ਨੂੰ ਗ੍ਰਿਫ਼ਤਾਰ ਕਰਕੇ 25 ਲੱਖ ਰੁਪਏ ਦਾ ਸੋਨਾ ਬਰਾਮਦ ਕੀਤਾ ਸੀ। ਇਸ ਤੋਂ ਬਾਅਦ ਚੋਰਾਂ ਨੂੰ ਵੀ ਛੱਡ ਦਿੱਤਾ ਗਿਆ ਪਰ ਜਦੋਂ ਬਰਾੜਾ ਪੁਲਸ ਨੇ ਚੋਰਾਂ ਨੂੰ ਕਾਬੂ ਕੀਤਾ ਤਾਂ ਇੰਸਪੈਕਟਰ ਵਿਜੇ ਦਰਸ਼ਨ ਸ਼ਰਮਾ ਵੱਲੋਂ ਕੀਤੀ ਗਈ ਸੋਨਾ ਵੇਚਣ ਦੀ ਖੇਡ ਦਾ ਪਰਦਾਫਾਸ਼ ਹੋ ਗਿਆ।

# ਸਵਰਨਕਾਰ ਸਮਾਜ ਭਲਾਈ ਬੋਰਡ ਦਾ ਸਰਕਾਰ ਤੁਰੰਤ ਗਠਨ ਕਰੇ: ਸਵਰਨਕਾਰ ਸਮਾਜ ਪੰਜਾਬ





ਖਰੜ, ( ਕਾਲਾ ਸਿੰਘ ਸੈਣੀ )-ਸਵਰਨਕਾਰ ਸਮਾਜ ਪੰਜਾਬ ਵਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਕਿ ਸਵਰਨਕਾਰ ਸਮਾਜ ਭਲਾਈ ਬੋਰਡ ਦਾ ਗਠਨ ਕਰਕੇ ਕਿਸੇ ਬੁੱਧੀਜੀਵੀ ਮੈਂਬਰ ਨੂੰ ਚੇਅਰਮੈਨ ਨਿਯੁਕਤ ਕੀਤਾ ਜਾਵੇ। ਸਵਰਨਕਾਰ ਸਮਾਜ ਪੰਜਾਬ ਦੇ ਸੰਸਥਾਪਕ ਅਸੋਕ ਵਰਮਾ,ਸੂਬਾ ਜਨਰਲ ਸਕੱਤਰ ਅਮ੍ਰਿਤ ਵਰਮਾ, ਸੂਬਾ ਮੀਡੀਆਂ ਇੰਚਾਰਜ਼ ਪਵਨ ਵਰਮਾ ਨੇ ਕਿਹਾ ਕਿ ਸਵਰਨਕਾਰ ਸਮਾਜ ਦੇਸ਼ ਦੀ ਤਰੱਕੀ ਵਿਚ ਅਹਿਮ ਭੂਮਿਕਾ ਨਿਭਾਉਦਾ ਰਿਹਾ ਹੈ ਪਰ ਅੱਜ ਤੱਕ ਪੰਜਾਬ ਵਿਚ ਸਵਰਨਕਾਰ ਸਮਾਜ ਭਲਾਈ ਬੋਰਡ ਦਾ ਗਠਨ ਹੀ ਨਹੀ ਕੀਤਾ ਹੈ। ਉਨਾਂ ਕਿਹਾ ਕਿ ਸਵਰਨਕਾਰ ਸਮਾਜ ਭਾਈਚਾਰੇ ਨੂੰ ਸਰਕਾਰਾਂ ਨੇ ਸਿਰਫ ਭਰੋਸੇ ਅਤੇ ਅਣਦੇਖੀ ਤੋਂ ਇਲਾਵਾ ਕੁਝ ਨਹੀ ਦਿੱਤਾ। ਉਹ ਪੰਜਾਬ ਸਰਕਾਰ ਦੇ ਸਬੰਧਤ ਵਿਭਾਗ ਦੇ ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਅਤੇ ਮੁੱਖ ਸਕੱਤਰ, ਪੰਜਾਬ ਸਰਕਾਰ ਨੂੰ ਪਹਿਲਾਂ ਕਈ ਵਾਰ ਵਾਰ ਬੇਨਤੀਆਂ ਕੀਤੀਆਂ ਗਈਆਂ ਹਨ, ਪਰ ਸਭ ਬੇਅਰਥ। ਉਨਾਂ ਕਿਹਾ ਕਿ ਸੁਨਿਆਰਾ ਸਮਾਜ ਭਾਈਚਾਰਾ ਆਪਣੀਆਂ ਸਾਰੀਆਂ ਮੰਗਾਂ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਨੂੰ ਮਿਲੇਗਾ। ਉਨਾਂ ਕਿਹਾ ਕਿ ਜੇਕਰ ਸਰਵਾਰ ਵਲੋਂ ਸਵਰਨਕਾਰ ਸਮਾਜ ਭਲਾਈ ਬੋਰਡ ਦਾ ਗਠਨ ਕੀਤਾ ਜਾਂਦਾ ਹੈ ਤਾਂ ਭਾਈਚਾਰਾ ਸਮਾਜ ਦੇ ਗਰੀਬ, ਮਜ਼ਦੂਰ ਵਰਗ, ਨਿਮਨ ਮੱਧ ਵਰਗ ਅਤੇ ਗਰੀਬ ਪਰਿਵਾਰਾਂ ਨੂੰ ਲਾਭ ਦਿਵਾ ਸਕੇ। ਉਨਾਂ ਸਰਕਾਰ ਤੋਂ ਮੰਗ ਕੀਤੀ ਕਿ ਸਵਰਨਕਾਰ ਸਮਾਜ ਭਾਈਚਾਰੇ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੰਜਾਬ ਵਿਚ ਜਲਦੀ ਸਵਰਨਕਾਰ ਭਲਾਈ ਬੋਰਡ ਦਾ ਗਠਨ ਕੀਤਾ ਜਾਵੇ।

# ਕੇਂਦਰ ਦੀ ਬੀ ਜੇ ਪੀ ਸਰਕਾਰ ਦਾ ਐਮ ਐਸ ਪੀ ਮਸਲੇ ਤੇ ਇਤਿਹਾਸ ਲਿਖਿਆ ਜਾਵੇਗਾ : ਹਰਮੇਸ ਸਿੰਘ ਬੜੌਦੀ

ਖਰੜ, ( ਕਾਲਾ ਸਿੰਘ ਸੈਣੀ )-ਅਕਾਲੀ ਦਲ ਅਮ੍ਰਿਤਸਰ ਦੇ ਜਿਲਾ ਜਨਰਲ ਸਕੱਤਰ ਜਥੇਦਾਰ ਹਰਮੇਸ਼ ਸਿੰਘ ਬੜੌਦੀ ਨੇ ਕਿਸਾਨਾਂ ਨਾਲ ਕੇਂਦਰ ਸਰਕਾਰ ਵਲੋਂ ਕੀਤੇ ਜਾ ਰਹੇ ਮਾੜੇ ਵਿਵਹਾਰ ਦੇ ਸਬੰਧ ਵਿੱਚ ਕੀਤਾ ਉਨਾਂ ਕਿਹਾ ਕਿ ਕੇਂਦਰ ਸਰਕਾਰ ਤੋਂ ਕਿਸਾਨਾਂ ਨੂੰ ਆਪਣੇ ਹੱਕਾਂ ਨੂੰ ਲੈਣ ਲਈ ਜਗਜੀਤ ਸਿੰਘ ਡੱਲੇਵਾਲ ਨੂੰ ਮਰਨ ਵਰਤ ਰੱਖਣਾ ਪਿਆ । ਪਰ ਫਿਰ ਕੇਂਦਰ ਸਰਕਾਰ ਅੱਖਾਂ ਬੰਦ ਕਰਕੇ ਸਾਰਾ ਤਮਾਸ਼ਾ ਵੇਖ ਰਹੀ ਹੈ। ਉਨਾਂ ਕਿਹਾ ਕਿ ਕੇਂਦਰ ਦੀ ਬੀ ਜੇ ਪੀ ਸਰਕਾਰ ਨੂੰ ਕਿਸਾਨ ਲੀਡਰ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਦੀ ਵੀ ਕੋਈ ਪਰਵਾਹ ਨਹੀਂ ਉਨਾਂ ਕਿਹਾ ਕਿ ਕੇਂਦਰ ਸਰਕਾਰ ਵਲੋਂ ਪਰਾਈ ਵੇਟ ਕੰਪਨੀਆਂ ਨੂੰ ਖਰਬਾ ਰੁਪਏ ਦੇ ਸੜਕੀ ਪ੍ਰੋਜੈਕਟ ਹਿੰਦੁਸਤਾਨ ਵਿੱਚ ਦਿੱਤੇ ਗਏ ਹਨ ਪਰ ਕਿਸਾਨਾਂ ਦੀ ਬਹੁਤ ਛੋਟੀ ਮੰਗ ਹੀ ਕੇਂਦਰ ਸਰਕਾਰ ਵੱਲੋਂ ਨਹੀਂ ਮੰਨੀ ਗਈ। ਉਨਾਂ ਕਿਹਾ ਕਿ ਕਿਸਾਨਾਂ ਦੇ ਨਿੜਤੱਕ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਕਿਸਾਨੀ ਦੀਆਂ ਮੰਗਾਂ ਪੂਰੀਆਂ ਕਰਵਾਉਣ ਲਈ ਹੀ ਮਰਨ ਵਰਤ ਤੇ ਬੈਠਣ ਲਈ ਮਜਬੂਰ ਹੋਣਾ ਪਿਆ। ਉਨਾਂ ਕੇਂਦਰ ਸਰਕਾਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕਿਸਾਨਾਂ ਦਾ ਮਸਲਾ ਬਹੁਤ ਜਲਦੀ ਨਿਬੇੜਨ ਦੀ ਸਲਾਹ ਦਿੱਤੀ ਹੈ। ਉਨਾਂ ਕਿਹਾ ਕਿ ਹਿੰਦੁਸਤਾਨ ਦੀ ਵਰਲਡ ਲੇਬਲ ਤੇ ਵੀ ਬਦਨਾਮੀ ਹੋ ਰਹੀ ਹੈ ਕਿ ਕਿਸਾਨਾਂ



ਨੂੰ ਆਪਣੇ ਹੱਕਾਂ ਨੂੰ ਲੈਣ ਲਈ ਹੀ ਮਰਨ ਵਰਤ ਤੇ ਬੈਠਣਾ ਪੈ ਰਿਹਾ ਹੈ।

# ਕੈਪਸ਼ਨ



ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਬਾਬਾ ਫ਼ਤਿਹ ਸਿੰਘ ਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਲਾਂਡਰਾਂ ਰੋਡ ਖਰੜ ਵਿਖੇ ਲੰਗਰ ਲਗਾਇਆ ਗਿਆ। ਇਸ ਮੌਕੇ ਕੁਲਦੀਪ ਸਿੰਘ ਨੈਨਾ ਬਿਲਡਰ,ਹਰਦਰਸ਼ਨ ਸਿੰਘ ਖੱਟੜਾ,ਹਰਪ੍ਰੀਤ ਸਿੰਘ ਖੱਟੜਾ,ਗੁਰਜਿੰਦਰ ਸਿੰਘ ਬਿੱਟੂ ਸਮੇਤ ਸੇਵਾਦਾਰਾਂ ਨੇ ਸੇਵਾ ਕੀਤੀ। ਫੋਟੋ ਤੇ ਵੇਰਵਾ:ਕਾਲਾ ਸਿੰਘ ਸੈਣੀ।

# ਹਦੀਆਬਾਦ ਚੌਂਕ 'ਚ ਲਗਾਇਆ ਮਾਤਾ ਗੁਜਰ ਕੌਰ ਤੇ ਚਾਰ ਸਾਹਿਬਜਾਦਿਆਂ ਨੂੰ ਸਮਰਪਿਤ ਦੁੱਧ-ਬਿਸਕੁਟਾਂ ਦਾ ਲੰਗਰ



ਫਗਵਾੜਾ ( ਸੁਸ਼ੀਲ ਸ਼ਰਮਾ ) ਪਨੇਸਰ ਵੈਲਡਿੰਗ ਵਰਕਸ ਅਤੇ ਸਮੂਹ ਸੰਗਤਾਂ ਵਲੋਂ ਮਾਤਾ ਗੁਜਰ ਕੌਰ ਜੀ ਅਤੇ ਚਾਰੇ ਸਾਹਿਬਜਾਦਿਆਂ ਦੀ ਨਿੱਘੀ ਯਾਦ ਨੂੰ ਸਮਰਪਿਤ ਦੁੱਧ ਅਤੇ ਬਿਸਕੁਟਾਂ ਦਾ ਲੰਗਰ ਮੇਨ ਚੌਂਕ ਹਦੀਆਬਾਦ ਫਗਵਾੜਾ ਵਿਖੇ ਲਗਾਇਆ ਗਿਆ। ਇਸ ਮੌਕੇ ਕੁਲਵੀਰ ਸਿੰਘ ਪਨੇਸਰ, ਜਗਦੀਸ਼ ਸਿੰਘ ਪਨੇਸਰ, ਕੁਲਦੀਪ ਸਿੰਘ ਸੰਘਾ ਸੀਨੀਅਰ ਕਿਸਾਨ ਆਗੂ (ਭਾਰਤੀ ਕਿਸਾਨ ਯੂਨੀਅਨ) ਅਤੇ ਗੁਰਦਿਆਲ ਸਿੰਘ ਨੰਬਰਦਾਰ ਨੇ ਕਿਹਾ ਕਿ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਕਰਕੇ ਅਜਿਹੇ ਉਪਰਾਲੇ ਬਹੁਤ ਹੀ ਸ਼ਲਾਘਾਯੋਗ ਹਨ। ਉਹਨਾਂ ਕਿਹਾ ਕਿ ਸਾਨੂੰ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚਲਦੇ ਹੋਏ ਦੇਸ਼ ਅਤੇ ਕੌਮ ਦੀ ਤਰੱਕੀ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਸੇਵਾਦਾਰਾਂ ਨੇ ਵੀ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਹੁਤ ਹੀ ਲਸਾਨੀ ਹੈ। ਉਹਨਾਂ ਛੋਟੇ ਸਾਹਿਬਜਾਦਿਆਂ ਨੂੰ ਦੁੱਧ ਦੀ ਸੇਵਾ ਵਰਤਾਉਣ ਦੇ ਬਦਲੇ ਠੰਡੀ ਬੁਰਜੀ ਵਿਚ ਆਪਣੇ ਜੀਵਨ ਦਾ ਬਲਿਦਾਨ ਦੇਣ ਲਈ ਮੋਤੀ ਰਾਮ ਮਹਿਰਾ ਨੂੰ ਵੀ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਹਰਵਿੰਦਰ ਸਿੰਘ ਖੁੰਨਖੁੰਨ ਸੀਨੀਅਰ ਕਿਸਾਨ ਆਗੂ, ਬਲਜਿੰਦਰ ਸਿੰਘ ਮਾਨਾਂਵਾਲੀ, ਕਮਲ ਸਿੰਘ ਸੈਣੀ, ਅਵਤਾਰ ਕਜਲਾ, ਗੁਰਮੀਤ ਸਿੰਘ ਗਰੇਵਾਲ, ਜਸਪਾਲ ਸਿੰਘ ਪਾਲੀ, ਇੰਦਰਜੀਤ, ਰਾਕੇਸ਼ ਆਦਿ ਹਾਜਰ ਸਨ

# ਕਬੱਡੀ ਸਰਕਲ 'ਚ ਸਰਕਾਰੀ ਹਾਈ ਸਕੂਲ ਕਮਾਲਪੁਰ ਦੇ ਖਿਡਾਰੀ ਨੇ ਹਾਸਲ ਕੀਤਾ ਤੀਜਾ ਸਥਾਨ



ਦਿੜ੍ਹਬਾ ਮੰਡੀ, (ਲੋਕ ਬਾਣੀ)- : ਸਰਕਾਰੀ ਹਾਈ ਸਕੂਲ ਕਮਾਲਪੁਰ ਦੇ ਖਿਡਾਰੀ ਨੇ 68ਵੀਆਂ ਪੰਜਾਬ ਰਾਜ ਅੰਤਰ ਜਿਲ੍ਹਾ ਸਕੂਲ ਖੇਡਾਂ ਦੇ ਕਬੱਡੀ ਸਰਕਲ ਸਟਾਇਲ ਅੰਡਰ 17 ਸਾਲ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤੀਸਰਾ ਸਥਾਨ ਹਾਸਲ ਕੀਤਾ ਹੈ। ਜੇਤੂ ਖਿਡਾਰੀ ਦਾ ਸਕੂਲ ਪਹੁੰਚਣ ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਡੀ.ਪੀ.ਈ. ਰਮਨਦੀਪ ਸਿੰਘ ਨੇ ਦੱਸਿਆ ਕਿ ਫਰੀਦਕੋਟ ਵਿਖੇ ਹੋਈਆਂ ਖੇਡਾਂ ਵਿੱਚ ਸਕੂਲ ਦੇ 12ਵੀਂ ਜਮਾਤ ਦੇ ਖਿਡਾਰੀ ਨਵਜੋਤ ਸਿੰਘ ਨੇ ਅੰਡਰ 17 ਸਾਲ ਸਰਕਲ ਕਬੱਡੀ ਮੁਕਾਬਲੇ ਵਿੱਚ ਜਿਲ੍ਹਾ ਸੰਗਰੂਰ ਦੀ ਪ੍ਰਤੀਨਿਧਤਾ ਕਰਦਿਆਂ ਤੀਸਰਾ ਸਥਾਨ ਹਾਸਲ ਕੀਤਾ ਹੈ। ਸਕੂਲ ਮੁਖੀ ਡਾ. ਪਰਮਿੰਦਰ ਸਿੰਘ ਦੇਹੜ ਅਤੇ ਸਟਾਫ ਵੱਲੋਂ ਜੇਤੂ ਖਿਡਾਰੀ ਦਾ ਸਨਮਾਨ ਕੀਤਾ ਗਿਆ। ਜੇਤੂ ਖਿਡਾਰੀ ਨਵਜੋਤ ਸਿੰਘ ਅਤੇ ਡੀਪੀਈ ਰਮਨਦੀਪ ਸਿੰਘ ਨੂੰ ਨੂੰ ਮੁਬਾਰਕਬਾਦ ਦਿੰਦਿਆਂ ਡਾ. ਪਰਮਿੰਦਰ ਸਿੰਘ ਦੇਹੜ ਨੇ ਕਿਹਾ ਕਿ ਇਹ ਖਿਡਾਰੀ ਭਵਿੱਖ ਵਿੱਚ ਵੀ ਆਪਣੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਇਸ ਸਕੂਲ ਅਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕਰਦਾ ਰਹੇਗਾ। ਇਸ ਮੌਕੇ ਅਧਿਆਪਕਾ ਯਾਦਵਿੰਦਰ ਕੌਰ, ਹਰਦੀਪ ਕੌਰ, ਮਨਦੀਪ ਸਿੰਘ, ਟਿੰਕੂ ਕੁਮਾਰ ਅਤੇ ਡੀਪੀਈ ਰਮਨਦੀਪ ਸਿੰਘ ਸਮੇਤ ਸਮੂਹ ਸਟਾਫ ਤੇ ਵਿਦਿਆਰਥੀ ਮੌਜੂਦ ਸਨ।

# ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਆਈਸੀਆਈਸੀਆਈ ਪ੍ਰੂ ਵਿਸ਼ ਲਾਂਚ ਕੀਤਾ

ਬਠਿੰਡਾ (ਲੋਕ ਬਾਣੀ)- : ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਆਈਸੀਆਈਸੀਆਈ ਪ੍ਰੂ ਵਿਸ਼ ਲਾਂਚ ਕੀਤਾ ਹੈ, ਜੀਵਨ ਬੀਮਾ ਉਦਯੋਗ ਵਿੱਚ ਖਾਸ ਤੌਰ ਤੇ ਔਰਤਾਂ ਲਈ ਤਿਆਰ ਕੀਤਾ ਗਿਆ ਪਹਿਲਾ ਸਿਹਤ ਉਤਪਾਦ। ਛਾਤੀ, ਸਰਵਾਈਕਲ, ਗਰੱਭਾਸ਼ਯ ਕੈਂਸਰ ਅਤੇ ਦਿਲ ਦੀ ਬਿਮਾਰੀ ਵਰਗੀਆਂ ਗੰਭੀਰ ਬਿਮਾਰੀਆਂ ਦੇ ਨਿਦਾਨ ਤੇ ਆਈਸੀਆਈਸੀਆਈ ਪ੍ਰੂ ਵਿਸ਼ ਸਿਹਤ ਕਵਰ ਦੀ ਰਕਮ ਦਾ 100 ਪ੍ਰਤੀਸ਼ਤ ਤੱਕ ਤੁਰੰਤ ਭੁਗਤਾਨ ਕਰਦਾ ਹੈ। ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੇ ਚੀਫ ਪ੍ਰੋਡਕਟ ਅਤੇ ਡਿਸਟ੍ਰੀਬਿਊਸ਼ਨ ਅਫਸਰ ਸ਼੍ਰੀ ਅਮਿਤ ਪਲਟਾ ਨੇ ਕਿਹਾ, ਆਈਸੀਆਈਸੀਆਈ ਪ੍ਰੂ ਵਿਸ਼ ਜੀਵਨ ਬੀਮਾ ਉਦਯੋਗ ਵਿੱਚ ਪਹਿਲਾ ਸਿਹਤ ਉਤਪਾਦ ਹੈ

ਜੋ ਖਾਸ ਤੌਰ ਤੇ ਔਰਤਾਂ ਦੀਆਂ ਸਿਹਤ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ 30 ਸਾਲਾਂ ਲਈ ਪ੍ਰੀਮੀਅਮ ਗਾਰੰਟੀ ਪ੍ਰਦਾਨ ਕਰਨ ਤੋਂ ਇਲਾਵਾ, ਇਸ ਸਿਹਤ ਉਤਪਾਦ ਨੂੰ ਇਸ ਤਰੀਕੇ ਨਾਲ ਤਿਆਰ ਕੀਤਾ ਗਿਆ ਹੈ। ਇਹ ਗਾਹਕਾਂ ਨੂੰ ਕੁਝ ਮੈਡੀਕਲ ਸਥਿਤੀਆਂ ਲਈ ਕਈ ਦਾਅਵੇ ਕਰਨ ਦੇ ਯੋਗ ਬਣਾਉਣ ਲਈ ਤਿਆਰ ਕੀਤਾ ਗਿਆ ਹੈ। ਗਾਹਕਾਂ ਨੂੰ ਜੋ ਵਾਧੂ ਭੁਗਤਾਨ ਪ੍ਰਾਪਤ ਹੁੰਦਾ ਹੈ, ਉਹ ਮੁੜ ਵਸੇਬੇ ਦੇ ਖਰਚਿਆਂ ਨੂੰ ਪੂਰਾ ਕਰਨ ਵਿੱਚ ਮਦਦ ਕਰ ਸਕਦਾ ਹੈ। ਮਹੱਤਵਪੂਰਨ ਤੌਰ ਤੇ, ਪ੍ਰੀਮੀਅਮ ਦੀ ਰਕਮ 30 ਸਾਲਾਂ ਦੀ ਮਿਆਦ ਲਈ ਸਥਿਰ ਰਹਿੰਦੀ ਹੈ, ਜਿਸ ਨਾਲ ਗਾਹਕ ਆਪਣੇ ਫੰਡ ਆਊਟਫਲੋ ਦੀ ਬਿਹਤਰ ਯੋਜਨਾ ਬਣਾ ਸਕਦੇ ਹਨ। ਇਸ ਉਤਪਾਦ ਦੀ ਇੱਕ ਹੋਰ ਮਹੱਤਵਪੂਰਨ ਵਿਸ਼ੇਸ਼ਤਾ ਪ੍ਰੀਮੀਅਮ ਛੋਟੀ ਹੈ, ਯਾਨੀ ਗਾਹਕ ਕੋਲ ਪ੍ਰੀਮੀਅਮ ਭੁਗਤਾਨ ਦੀ ਮਿਆਦ ਦੇ ਦੌਰਾਨ 12 ਮਹੀਨਿਆਂ ਦੀ ਮਿਆਦ ਲਈ ਕਦੇ ਵੀ ਪ੍ਰੀਮੀਅਮ ਦਾ ਭੁਗਤਾਨ ਨਾ ਕਰਨ ਦਾ ਵਿਕਲਪ ਹੈ।

# ਨਗਰ ਕੌਂਸਲ ਮਾਲੇਰਕੋਟਲਾ ਦੀ ਲਾਪਰਵਾਹੀ ਦਾ ਨਤੀਜਾ

## ਮੁਹੱਲਾ ਲੁਹਾਰਾਂ ਮਲੇਰ ਦੀ ਮਾਰਕੀਟ ਨੇ ਧਾਰਿਆ ਨਹਿਰ ਦਾ ਰੂਪ, ਮਾਰਕੀਟ ਹੋਈ ਬੰਦ

ਮਲੇਰ ਕੋਟਲਾ (ਲੋਕ ਬਾਣੀ)-:- ਨਗਰ ਕੌਂਸਲ ਮਲੇਰਕੋਟਲਾ ਜੋ ਕਿ ਆਏ ਦਿਨ ਅਖਬਾਰਾਂ ਦੀਆਂ ਸੁਰਖੀਆਂ ਵਿੱਚ ਰਹਿੰਦੀ ਹੈ ਇਸ ਸਮੇਂ ਪੂਰੀ ਚਰਚਾ ਦਾ ਵਿਸ਼ਾ ਬਣੀ ਹੋਈ ਹੈ ਕਿਉਂਕਿ ਨਗਰ ਕੌਂਸਲ ਵੱਲੋਂ ਮੀਟਿੰਗਾਂ ਕਰਕੇ ਸ਼ਹਿਰ ਦੇ ਵਿਕਾਸ ਲਈ ਕਰੋੜਾਂ ਰੁਪਏ ਦੇ ਕੰਮ ਤਾਂ ਪਾਸ ਕੀਤੇ ਹੋਏ ਹਨ ਪ੍ਰੰਤੂ ਕੰਮ ਕਿਤੇ ਵੀ ਹੁੰਦਾ ਦਿਖਾਈ ਨਹੀਂ ਦੇ ਰਿਹਾ ਅਤੇ ਨਗਰ ਕੌਂਸਲ ਦਾ ਕਰੋੜਾਂ ਰੁਪਿਆ ਕਥਿਤ ਤੌਰ ਤੇ ਕਿੱਥੇ ਜਾ ਰਿਹਾ ਹੈ ਇਹ ਵੀ ਚਰਚਾ ਦਾ ਵਿਸ਼ਾ ਹੈ।
ਕੁਝ ਦਿਨ ਪਹਿਲਾਂ ਵਾਰਡ ਨੰਬਰ ਤਿੰਨ ਦੇ ਵਾਸੀਆਂ ਅਤੇ ਇਲਾਕੇ ਦੇ ਕੌਂਸਲਰ ਨੇ ਵਾਰਡ ਦਾ ਕੰਮ ਨਾ ਕਰਾਉਣ ਅਤੇ ਸੀਵਰੇਜ ਦੀ ਸਫਾਈ ਨਾ ਕਰਵਾਉਣ ਕਰਕੇ ਨਗਰ ਕੌਂਸਲ ਦੇ ਪ੍ਰਧਾਨ ਅਤੇ ਅਧਿਕਾਰੀਆਂ ਖਿਲਾਫ ਖਿਲਾਫ ਵੱਖ ਵੱਖ ਅਖਬਾਰਾਂ ਵਿੱਚ ਮੋਰਚਾ ਖੋਲਿਆ ਅਤੇ ਦੋਸ਼ ਲਗਾਏ ਸਨ ਕਿ ਉਹਨਾਂ ਦੇ ਵਾਰਡ ਅੰਦਰ ਸੀਵਰੇਜ ਬੰਦ ਹੋਣ ਕਰਕੇ ਬਰਸਾਤੀ ਪਾਣੀ ਸੀਵਰੇਜ ਦੇ ਗੰਦੇ ਪਾਣੀ ਨਾਲ ਮਿਕਸ ਹੋਕੇ ਲੋਕਾਂ ਦੇ ਘਰਾਂ ਅੰਦਰ ਦਾਖਲ ਹੋ ਗਿਆ ਜਿਸ ਕਰਕੇ ਕਈ ਲੋਕਾਂ ਦੇ ਘਰਾਂ ਦੀਆਂ ਦੀਵਾਰਾਂ ਅੰਦਰ ਤੇੜਾਂ ਆ ਗਈਆਂ ਜਿਸ ਕਾਰਨ ਕਿਸੇ ਸਮੇਂ ਵੀ ਜਾਨੀ ਮਾਲੀ ਨੁਕਸਾਨ ਹੋ ਸਕਦਾ ਹੈ। ਇਸ ਦੇ ਬਾਵਜੂਦ ਨਗਰ ਕੌਂਸਲ ਦੇ ਪ੍ਰਧਾਨ ਅਤੇ ਅਧਿਕਾਰੀਆਂ ਦੇ ਕੰਨਾਂ ਤੇ ਜ ਜੂੰ ਨਹੀਂ ਰਿੰਗੀ।ਹੁਣ ਇਹੀ ਹਾਲ ਮਲੇਰ ਮਾਰਕੀਟ ਮੁਹੱਲਾ ਲੁਹਾਰਾਂ ਵਾਲੇ ਬਾਜ਼ਾਰ ਦਾ ਹੈ ਜਿੱਥੇ ਮਾਮੂਲੀ ਬਾਰਿਸ਼ ਹੋਣ ਤੇ ਬਰਸਾਤੀ ਪਾਣੀ ਕਈ ਕਈ ਫੁਟ ਜਮਾ ਹੋ ਜਾਂਦਾ ਹੈ ਅਤੇ ਪੂਰਾ ਬਾਜ਼ਾਰ ਨਹਿਰ ਦਾ ਰੂਪ ਧਾਰਨ ਕਰ ਲੈਂਦਾ ਹੈ ਜਿਸ ਸਬੰਧੀ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਜਾਣੂ ਕਰਵਾ ਗਿਆ ਅਤੇ ਲਿਖਤੀ ਦਰਖ਼ਾਸਤ ਦੇਕੇ ਇਸ ਦਾ ਉਚਿਤ ਹੱਲ ਕਰਨ ਦੀ ਬੇਨਤੀ ਕੀਤੀ ਗਈ ਪਰੰਤੂ ਨਗਰ ਕੌਂਸਲ ਵੱਲੋਂ ਇਸ ਪਾਣੀ ਦਾ ਕੋਈ ਵੀ ਹੱਲ ਨਹੀਂ ਕੀਤਾ ਜਾ ਰਿਹਾ ਜਿਸ ਕਰਕੇ ਮਹਲਾ ਲੁਹਾਰਾਂ ਮਲੇਰ ਦਾ ਬਾਜ਼ਾਰ ਪੂਰੀ ਤਰ੍ਹਾਂ ਤਬਾਹ ਹੋ ਗਿਆ ਹੈ ਤੇ ਦੁਕਾਨਦਾਰ ਗ੍ਰਾਹਕਾਂ ਦੇ ਇੰਤਜ਼ਾਰ ਵਿੱਚ ਵਿਹਲੇ ਬੈਠੇ ਰਹਿੰਦੇ ਹਨ। ਹੁਣ ਤਾਂ ਹੱਦ ਇਹ ਹੋ ਜੋ ਬਰਸਾਤੀ ਪਾਣੀ ਪਹਿਲਾਂ ਬਰਸਾਤ ਹੋਣ ਤੇ ਕੁਝ ਘੰਟਿਆਂ ਵਿੱਚ ਨਿਕਲ ਜਾਂਦਾ ਸੀ ਜਦੋਂ ਦਾ ਲੋਹਾ ਬਾਜ਼ਾਰ ਵਾਲਾ ਨਿਕਾਸੀ ਨਾਲਾ ਬੰਦ ਕਰਕੇ ਉਸ ਦੀ ਥਾਂ ਪਾਈਪ ਪਾਏ ਗਏ ਹਨ ਉਦੋਂ ਦਾ ਇਹ ਬਰਸਾਤੀ ਪਾਣੀ ਪੂਰਾ ਪੂਰਾ ਦਿਨ ਨਹਿਰ ਦਾ ਰੂਪ ਧਾਰਨ ਕਰਕੇ ਖੜਾ ਰਹਿੰਦਾ ਹੈ ਜਿਸ ਕਰਕੇ ਲੋਕਾਂ ਦੀ ਆਵਾਜਾਈ ਪ੍ਰਭਾਵਿਤ ਹੁੰਦੀ ਹੈ ਉਥੇ ਹੀ ਦੁਕਾਨਦਾਰਾਂ ਦਾ ਕਾਰੋਬਾਰ ਠੱਪ ਹੋ ਜਾਂਦਾ ਹੈ।



ਇਸ ਮਸਲੇ ਨੂੰ ਲੈ ਕੇ ਇਲਾਕੇ ਦੇ ਲੋਕਾਂ ਅਤੇ ਦੁਕਾਨਦਾਰਾਂ ਵਿੱਚ ਭਾਰੀ ਗੁੱਸਾ ਪਾਇਆ ਜਾ ਰਿਹਾ ਹੈ ਕਿ ਵਿਕਾਸ ਕਰਾਉਣ ਦੇ ਬੜੇ ਬੜੇ ਦਾਅਵੇ ਕਰਵਾਉਣ ਦੇ ਨਾਅਰੇ ਨਾਲ ਬਣੀ ਸਰਕਾਰ ਦੇ ਨੁਮਾਇੰਦੇ ਹੁਣ ਲੋਕਾਂ ਦੀ ਸਾਰ ਵੀ ਨਹੀਂ ਲੈ ਰਹੇ ਅਤੇ ਉਹਨਾਂ ਦਾ ਧਿਆਨ ਬਿਲਕੁਲ ਵੀ ਇਸ ਵੱਲ ਨਹੀਂ ਹੈ।ਆਖਿਰਕਾਰ ਨਗਰ ਕੌਂਸਲ ਦਾ ਕਰੋੜਾਂ ਰੁਪਿਆ ਕਿੱਥੇ ਜਾ ਰਿਹਾ ਹੈਇਹ ਜਾਂਚ ਦਾ ਵਿਸ਼ਾ ਹੋਣਾ ਚਾਹੀਦਾ ਹੈ? ਦੁਕਾਨਦਾਰਾਂ ਜਿਨ੍ਹਾਂ ਵਿੱਚ ਮੁਹੰਮਦ ਜੱਬਾਰ, ਮੁਹੰਮਦ ਦਿਲਸ਼ਾਦ, ਮੁਹੰਮਦ ਫਾਰੂਕ, ਮੁਹੰਮਦ ਸ਼ਰੀਫ, ਮੁਹੰਮਦ ਹਨੀਫ ਅਤੇ ਮੁਹੰਮਦ ਅਨਵਾਰ ਮਹਿਬੂਬ ਦੇ ਨਾਮ ਸ਼ਾਮਲ ਹਨ ਉਨ੍ਹਾਂ ਦਾ ਕਹਿਣਾ ਹੈ ਨਗਰ ਕੌਂਸਲ ਨੇ ਬਰਸਾਤੀ ਪਾਣੀ ਦਾ ਹੱਲ ਨਹੀਂ ਕੀਤਾ ਤਾਂ ਉਹ ਆਪਣੀਆਂ ਦੁਕਾਨਾਂ ਨੂੰ ਤਾਲੇ ਲਗਾ ਕੇ ਇਸ ਦੀਆਂ ਚਾਬੀਆਂ ਨਗਰ ਕੌਂਸਲ ਦੇ ਪ੍ਰਧਾਨ ਨੂੰ ਸੌਂਪ ਦੇਣਗੇ।

# ਮੌਸਮ ਵਿਭਾਗ ਵੱਲੋਂ ਹਨੇਰੀ ਮੀਂਹ ਅਤੇ ਗੜੇਮਾਰੀ ਦੀ ਚੇਤਾਵਨੀ



ਮੋਹਾਲੀ (ਲੋਕ ਬਾਣੀ)-)- ਭਾਰਤੀ ਮੌਸਮ ਵਿਭਾਗ (9$4) ਨੇ ਸ਼ੁੱਕਰਵਾਰ ਨੂੰ ਦਿੱਲੀ ਅਤੇ ਰਾਸ਼ਟਰੀ ਰਾਜਧਾਨੀ ਖੇਤਰ (©3♣) ਅਤੇ ਮੱਧ ਭਾਰਤ ਸਮੇਤ ਉੱਤਰ-ਪੱਛਮੀ ਭਾਰਤ ਵਿੱਚ ਅਗਲੇ ਦੋ ਦਿਨਾਂ ਤੱਕ ਮੀਂਹ ਦੇ ਨਾਲ-ਨਾਲ ਹਨੇਰੀ, ਬਿਜਲੀ ਅਤੇ ਗੜੇਮਾਰੀ ਦੀ ਚੇਤਾਵਨੀ ਜਾਰੀ ਕੀਤੀ ਹੈ। ਦਿੱਲੀ-ਐੱਨਸੀਆਰ ਵਿੱਚ ਅੱਜ ਸਵੇਰ ਤੋਂ ਹੀ ਮੀਂਹ ਪੈ ਰਿਹਾ ਹੈ। ਰਾਜਧਾਨੀ ਚ ਸਵੇਰੇ 6.30 ਵਜੇ ਬਾਰਿਸ਼ ਸ਼ੁਰੂ ਹੋਈ ਅਤੇ ਫਿਰ ਕਈ ਇਲਾਕਿਆਂ ਚ ਤੇਜ਼ ਬਾਰਿਸ਼ ਹੋਈ। ਭਾਰੀ ਮੀਂਹ ਕਾਰਨ ਠੰਡ ਵਧ ਗਈ ਹੈ।
ਸਵੇਰੇ-ਸਵੇਰੇ ਮੀਂਹ ਪੈਣ ਕਾਰਨ ਲੋਕਾਂ ਨੂੰ ਦਫ਼ਤਰ ਜਾਣ ਵਿੱਚ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਕੁਝ ਇਲਾਕਿਆਂ ਚ ਜ਼ਿਆਦਾ ਪਾਣੀ ਭਰ ਜਾਣ ਕਾਰਨ ਲੋਕਾਂ ਨੂੰ ਘਰ ਵਿਚੋਂ ਬਾਹਰ ਨਿਕਲਣ ਚ ਕਾਫ਼ੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਆਈਐੱਮਡੀ ਨੇ ਕਿਹਾ, ਭਾਰਤ ਦੇ ਕੇਂਦਰੀ ਹਿੱਸਿਆਂ ਵਿੱਚ ਪੂਰਬੀ ਹਵਾਵਾਂ ਦੇ ਨਾਲ ਪੱਛਮੀ ਗੜਬੜੀ ਦੇ ਪਰਸਪਰ ਪ੍ਰਭਾਵ ਕਾਰਨ 27 ਅਤੇ 28 ਦਸੰਬਰ ਨੂੰ ਉੱਤਰ-ਪੱਛਮੀ ਅਤੇ ਮੱਧ ਭਾਰਤ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼, ਹਨੇਰੀ, ਗਰਜ ਦੇ ਨਾਲ-ਨਾਲ ਗੜੇਮਾਰੀ ਹੋਣ ਦੀ ਸੰਭਾਵਨਾ ਹੈ।

# ਸਰਦੀ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਐਡਵਾਈਜ਼ਰੀ ਜਾਰੀ

ਮਾਲੇਰਕੋਟਲਾ (ਲੋਕ ਬਾਣੀ)-: ਪਹਾੜੀ ਖੇਤਰਾਂ ਵਿੱਚ ਬਰਫਵਾਰੀ ਹੋਣ ਕਾਰਣ ਪੰਜਾਬ ਦੇ ਤਾਪਮਾਨ ਵਿੱਚ ਲਗਾਤਾਰ ਗਿਰਾਵਟ ਦਰਜ ਹੋਣ ਠੰਡ ਲਗਾਤਾਰ ਵੱਧ ਰਹੀ ਹੈ । ਸਰਦੀ ਨੂੰ ਮੁੱਖ ਰੱਖਦੇ ਹੋਏ ਇਸ ਮੌਸਮ ਵਿੱਚ ਬਿਮਾਰੀਆਂ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਐਡਵਾਈਜ਼ਰੀ ਜਾਰੀ ਕੀਤੀ ਗਈ। ਇਹ ਜਾਣਕਾਰੀ ਐਸ.ਐਮ.ਓ ਮਾਲੇਰਕੋਟਲਾ ਡਾ ਜਗਜੀਤ ਸਿੰਘ ਨੇ ਦਿੱਤੀ। ਇਸ ਮੌਕੇ ਡਾ ਜਗਜੀਤ ਸਿੰਘ ਨੇ ਅਪੀਲ ਕੀਤੀ ਕਿ ਸ਼ੀਤ ਲਹਿਰ ਨਾਲ ਜ਼ਿਆਦਾਤਰ ਬਜੁਰਗ ਅਤੇ ਛੋਟੇ ਬੱਚੇ ਜਿਆਦਾ ਪ੍ਰਭਾਵਤ ਹੁੰਦੇ ਹਨ। ਉਨ੍ਹਾਂ ਨੂੰ ਸਰਦੀ ਲੱਗਣ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਇਸ ਲਈ ਬਜੁਰਗ ਅਤੇ ਦਿਲ ਦੇ ਰੋਗਾਂ ਦੇ ਮਰੀਜ਼ ਸਵੇਰ ਅਤੇ ਦੇਰ ਸ਼ਾਮ ਦੇ ਸਮੇਂ ਜਿਆਦਾ ਠੰਡ ਅਤੇ ਧੁੰਦ ਹੋਣ ਤੇ ਸੈਰ ਕਰਨ ਜਾਂ ਘਰੋਂ ਬਾਹਰ ਜਾਣ ਤੋਂ ਗੁਰੇਜ਼ ਕਰਨ ਅਤੇ ਸ਼ੀਤ ਲਹਿਰ ਦੇ ਮੱਦੇਨਜ਼ਰ ਦੋ-ਪਹੀਆ ਵਾਹਨ ਦੀ ਵਰਤੋ ਘੱਟ ਕੀਤੀ ਜਾਵੇ। ਛੋਟੇ ਬੱਚਿਆਂ ਨੂੰ ਇਸ ਮੌਸਮ ਵਿੱਚ ਨਿਮੋਨੀਆ ਹੋਣ ਦਾ ਖਤਰਾ ਜਿਆਦਾ ਰਹਿੰਦਾ ਹੈ ਅਤੇ ਠੰਡ ਲੱਗਣ ਨਾਲ ਛੋਟੇ ਬੱਚਿਆਂ ਨੂੰ ਉਲਟੀ, ਦਸਤ ਵੀ ਲੱਗ ਸਕਦੇ ਹਨ। ਇਸ ਲਈ ਬੱਚਿਆਂ ਦੀ ਸੰਭਾਲ ਵੱਲ ਖਾਸ ਧਿਆਨ ਦਿੰਦੇ ਹੋਏ ਸਰਦੀ ਤੋਂ ਬਚਾਅ ਲਈ ਛੋਟੇ ਬੱਚਿਆਂ ਨੂੰ ਪੂਰੀ ਤਰ੍ਹਾਂ ਸਰੀਰ ਢੱਕਣ ਵਾਲੇ ਗਰਮ ਕੱਪੜੇ ਪਾਉਣ ਦੇ ਨਾਲ ਸਿਰ ਤੇ ਟੋਪੀ ਅਤੇ ਪੈਰਾਂ ਵਿੱਚ ਜੁਰਾਬਾਂ ਜ਼ਰੂਰ ਪਾਈਆਂ ਜਾਣ।
ਉਨ੍ਹਾਂ ਕਿਹਾ ਕਿ ਸਰਦੀ ਦੇ ਮੌਸਮ ਵਿੱਚ ਘਰਾਂ ਵਿੱਚ ਬੰਦ ਕਮਰੇ ਵਿੱਚ ਅੰਗੀਠੀ ਬਾਲ ਕੇ ਕਦੇ ਵੀ ਅੱਗ ਨਾ ਸੇਕੀ ਜਾਵੇ, ਕਿਉਂਕਿ ਅੱਗ ਬਲਣ ਨਾਲ ਕਾਰਬਨ ਮੋਨੋਆਕਸਾਈਡ ਗੈਸ ਬਣਦੀ ਹੈ ਅਤੇ ਜਿਸ ਨਾਲ ਬੰਦ ਕਮਰੇ ਵਿੱਚ ਆਕਸੀਜਨ ਦੀ ਕਮੀ ਹੋ ਜਾਂਦੀ ਹੈ, ਜੋ ਕਿ ਸਾਡੇ ਲਈ ਜਾਨਲੇਵਾ ਵੀ ਸਾਬਤ ਹੋ ਸਕਦੀ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਅਧੀਨ ਆਉਂਦੇ ਹਸਪਤਾਲਾਂ ਦੇ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਠੰਢ ਨਾਲ ਪੀੜਤ ਮਰੀਜ਼ਾਂ ਦੇ ਇਲਾਜ ਲਈ ਹਸਪਤਾਲਾਂ ਵਿੱਚ ਲੋੜੀਂਦੇ ਇੰਤਜ਼ਾਮ ਕਰਨ ਲਈ ਕਿਹਾ ਗਿਆ ਹੈ। ਉਹਨਾਂ ਕਿਹਾ ਕਿ ਸਰਦੀ ਲੱਗਣ ਨਾਲ ਆਮ ਤੌਰ 'ਤੇ ਫਲੂ ਹੋ ਜਾਂਦਾ ਹੈ। ਠੰਢ ਵਿਚ ਕੰਬਣੀ ਆਉਣ ਨੂੰ ਵੀ ਨਜ਼ਰਅੰਦਾਜ਼ ਨਾ ਕੀਤਾ ਜਾਵੇ, ਕਿਉਂਕਿ ਇਹ ਪਹਿਲਾ ਸੰਕੇਤ ਹੈ ਕਿ ਤੁਹਾਡਾ ਸਰੀਰ ਗਰਮੀ ਗਵਾ ਰਿਹਾ ਹੈ।ਅਜਿਹੀ ਹਾਲਤ ਵਿੱਚ ਸ਼ਰਾਬ ਦਾ ਸੇਵਨ ਹਾਈਪੋਥਰਮੀਆ (ਸਰੀਰ ਦੇ ਤਾਪਮਾਨ ਵਿੱਚ ਗਿਰਾਵਟ) ਕਾਰਨ ਮੌਤ ਦੇ ਜੋਖ਼ਮ ਨੂੰ ਹੋਰ ਵਧਾ ਦਿੰਦਾ ਹੈ। ਲੰਮਾ ਸਮਾਂ ਜ਼ੁਕਾਮ ਰਹਿਣ ਕਾਰਨ ਜਾਂ ਠੰਢ ਕਾਰਨ ਹੱਥਾਂ/ਪੈਰਾਂ ਦੀਆਂ ਉਂਗਲਾਂ, ਨੱਕ ਜਾਂ ਕੰਨਾਂ ਦੇ ਬਾਹਰਲੇ ਪਾਸੇ ਕਾਲੇ ਛਾਲੇ ਹੋ ਸਕਦੇ ਹਨ। ਅਜਿਹੇ ਹਾਲਤਾਂ ਵਿੱਚ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ। ਐਸ.ਐਮ.ਓ ਨੇ ਕਿਹਾ ਕਿ ਦਮਾ ਅਤੇ ਸਾਹ ਦੀ ਬਿਮਾਰੀ ਦੇ ਮਰੀਜ਼ ਬਹੁਤੀ ਜ਼ਿਆਦਾ ਠੰਢ ਹੋਣ ਤੇ ਘਰੋਂ ਬਾਹਰ ਜਾਣ ਤੋਂ ਗੁਰੇਜ਼ ਕਰਨ ਅਤੇ ਖ਼ੁਰਾਕ ਵਿੱਚ ਵੀ ਗਰਮ ਚੀਜ਼ਾਂ ਜਿਵੇਂ ਸੂਪ, ਚਾਹ, ਕਾਫ਼ੀ, ਸੰਤੁਲਿਤ ਖ਼ੁਰਾਕ ਦਾ ਸੇਵਨ ਕਰਨ। ਇਸ ਮੌਸਮ ਵਿੱਚ ਗਰਮ ਕੱਪੜੇ ਦੋ ਜਾਂ ਤਿੰਨ ਪਰਤਾਂ ਵਿੱਚ ਪਾਏ ਜਾਣ ਤਾਂ ਜੋ ਸਰੀਰ ਦਾ ਤਾਪਮਾਨ ਨਾਰਮਲ ਬਣਿਆ ਰਹੇ। ਸਰੀਰ ਵਿੱਚ ਪਾਣੀ ਦੀ ਘਾਟ ਨੂੰ ਪੂਰਾ ਕਰਨ ਲਈ ਥੋੜ੍ਹੇ ਥੋੜ੍ਹੇ ਸਮੇਂ ਜਾ ਲੋੜ ਅਨੁਸਾਰ ਕੋਸਾ ਜਾਂ ਗਰਮ ਗੁਨਗੁਨਾ ਪਾਣੀ ਪੀਤਾ ਜਾਵੇ, ਸੰਤੁਲਿਤ ਖ਼ੁਰਾਕ ਦਾ ਸੇਵਨ ਕੀਤਾ ਜਾਵੇ। ਉਹਨਾਂ ਕਿਹਾ ਕਿ ਸੰਘਣੀ ਧੁੰਦ ਕਾਰਨ ਯਾਤਾਯਾਤ ਦੌਰਾਨ ਦੁਰਘਟਨਾਵਾਂ ਤੋਂ ਬਚਾਅ ਲਈ ਬੇਲੋੜੀ ਯਾਤਰਾ ਨੂੰ ਟਾਲਿਆ ਜਾਵੇ




SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565